ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

https://youtu.be/LQwolgxDu7l

International Daily Newspaper & WEB TV

awazeqaumtvpunjab@gmail.com

ਵੀਰਵਾਰ, 9 ਅਪ੍ਰੈਲ 2026 (ਨਾਨਕਸ਼ਾਹੀ ਸੰਮਤ : ੫੫੮, ੨੭ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ 'ਚ ਵੱਡਾ ਹਾਦਸਾ ! ਸਵਾਰੀਆਂ ਨਾਲ ਭਰੀ ਬੱਸ ਪਲਟੀ



**ਗੁਰਦਾਸਪੁਰ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਗੁਰਦਾਸਪੁਰ ਦੇ ਬੱਬਰੀ ਬਾਈਪਾਸ 'ਤੇ ਅੱਜ ਇਕ ਵੱਡਾ ਹਾਦਸਾ ਵਾਪਰਿਆ ਹੈ। ਗੁਰਦਾਸਪੁਰ ਤੋਂ ਅੰਮ੍ਰਿਤਸਰ ਜਾ ਰਹੀ ਤੇਜ਼ ਰਫਤਾਰ ਪ੍ਰਾਈਵੇਟ ਬੱਸ ਬੇਕਾਬੂ ਹੋ ਕੇ ਡਿਵਾਈਡਰ ਦੇ ਕਾਰਨ ਟਕਰਾਉਣ ਤੋਂ ਬਾਅਦ ਕਾਰ 'ਤੇ ਪਲਟ ਗਈ। ਇਸ ਹਾਦਸੇ ਵਿਚ ਬੱਸ ਵਿਚ ਸਵਾਰ ਲੋਕ ਜ਼ਖ਼ਮੀ ਹੋ ਗਏ ਹਨ। ਗਨੀਮਤ ਇਹ ਰਹੀ ਕਿ ਹਾਦਸੇ ਵਿਚ ਜਾਨੀ ਨੁਕਸਾਨ ਤੋਂ ਬਚਾਅ ਰਿਹਾ ਹੈ। ਕਾਰ ਚਾਲਕ ਨੂੰ ਕਾਰ 'ਚੋਂ ਸੁਰੱਖਿਅਤ ਬਾਹਰ ਕੱਢਿਆ ਗਿਆ ਹੈ। ਦੂਜੇ ਪਾਸੇ ਬੱਬਰੀ ਬਾਈਪਾਸ ਪੁਲਸ ਨਾਕਾ ਹੋਣ ਦੇ ਕਾਰਨ ਪੁਲਸ ਕਰਮਚਾਰੀਆਂ ਵੱਲੋਂ ਲੋਕਾਂ ਦੀ ਸਹਾਇਤਾ ਨਾਲ ਜ਼ਖਮੀਆਂ ਨੂੰ ਹਸਪਤਾਲ ਪਹੁੰਚਾਉਣ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ। ਉੱਥੇ ਹੀ ਹਾਦਸੇ ਮਗਰੋਂ ਸੜਕ 'ਤੇ ਟ੍ਰੈਫ਼ਿਕ ਵੀ ਪ੍ਰਭਾਵਿਤ ਹੋਇਆ ਹੈ।

## ਜੰਗਬੰਦੀ ਤੋਂ ਬਾਅਦ ਅਮਰੀਕਾ 'ਚ ਆਇਆ ਸਿਆਸੀ ਭੂਚਾਲ

# ਟਰੰਪ ਤੋਂ ਮੰਗਿਆ ਗਿਆ ਅਸਤੀਫ਼ਾ !

**ਵਾਸ਼ਿੰਗਟਨ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਈਰਾਨ ਵਿਰੁੱਧ ਫੌਜੀ ਕਾਰਵਾਈ ਰੋਕਣ ਦਾ ਐਲਾਨ ਕੀਤਾ ਹੈ, ਜੋ ਕਿ ਪਿਛਲੇ 40 ਦਿਨਾਂ ਤੋਂ ਜਾਰੀ ਹੈ। ਉਨ੍ਹਾਂ ਨੇ ਦੋ ਹਫ਼ਤਿਆਂ ਦੀ ਜੰਗਬੰਦੀ ਦਾ ਐਲਾਨ ਕੀਤਾ ਹੈ। ਇਜ਼ਰਾਈਲ ਵੀ ਈਰਾਨ ਵਿਰੁੱਧ ਹਮਲੇ ਰੋਕਣ ਲਈ ਸਹਿਮਤ ਹੋ ਗਿਆ ਹੈ, ਅਤੇ ਪਾਕਿਸਤਾਨ ਵਿੱਚ ਹੋਰ ਗੱਲਬਾਤ ਹੋਵੇਗੀ। ਟਰੰਪ ਦੇ ਐਲਾਨ ਨੂੰ ਯੁੱਧ ਖਤਮ ਕਰਨ ਵੱਲ ਇੱਕ ਵੱਡੇ ਕਦਮ ਵਜੋਂ ਦੇਖਿਆ ਜਾ ਰਿਹਾ ਹੈ। ਹਾਲਾਂਕਿ ਲੰਬੇ ਸਮੇਂ ਤੋਂ ਚੱਲਦੀ ਆ ਰਹੀ ਇਹ ਜੰਗ ਰੁਕਣ ਤੋਂ ਬਾਅਦ ਟਰੰਪ ਦੀਆਂ ਮੁਸ਼ਕਲਾਂ ਵਧ ਗਈਆਂ ਹਨ। ਲੰਬੇ ਸਮੇਂ ਤੋਂ ਜਾਰੀ ਭਿਆਨਕ ਜੰਗ ਦੇ ਚਲਦਿਆਂ ਹੁਣ ਅਮਰੀਕਾ ਦੇ ਅੰਦਰ ਹੀ ਰਾਸ਼ਟਰਪਤੀ ਡੋਨਾਲਡ ਟਰੰਪ ਵਿਰੁੱਧ ਬਗਾਵਤ ਦੇ ਸੁਰ ਤੇਜ਼ ਹੋ ਗਏ ਹਨ। ਜਾਣਕਾਰੀ ਅਨੁਸਾਰ 80 ਤੋਂ ਵੱਧ ਪ੍ਰਮੁੱਖ ਸੰਸਦ ਮੈਂਬਰਾਂ ਨੇ ਰਾਸ਼ਟਰਪਤੀ ਟਰੰਪ ਤੋਂ ਅਸਤੀਫ਼ੇ ਦੀ ਮੰਗ ਕੀਤੀ ਹੈ। ਅਮਰੀਕਾ ਵਿੱਚ ਵਿਰੋਧੀ ਧਿਰ (ਡੈਮੋਕ੍ਰੇਟਸ) ਅਤੇ ਕੁਝ ਰਿਪਬਲਿਕਨ ਮੈਂਬਰਾਂ ਦਾ ਦੋਸ਼ ਹੈ ਕਿ ਟਰੰਪ ਪ੍ਰਸ਼ਾਸਨ ਜਾਣਬੁੱਝ ਕੇ ਜੰਗਬੰਦੀ ਦੀਆਂ ਕੋਸ਼ਿਸ਼ਾਂ ਨੂੰ ਨਾਕਾਮ ਕਰ ਰਿਹਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਖਾਰਗ ਟਾਪੂ ਅਤੇ ਤਹਿਰਾਨ 'ਤੇ ਹੋਏ ਹਮਲਿਆਂ ਨੇ ਦੁਨੀਆ ਨੂੰ ਤੀਜੇ ਵਿਸ਼ਵ ਯੁੱਧ ਦੇ ਕੰਢੇ ਲਿਆ ਕੇ ਖੜ੍ਹਾ ਕਰ ਦਿੱਤਾ ਹੈ। ਵਾਸ਼ਿੰਗਟਨ ਵਿੱਚ ਹੋਈ ਇੱਕ ਹੰਗਾਮੇ ਭਰੀ ਮੀਟਿੰਗ ਦੌਰਾਨ ਕੁਝ ਲਾਅ ਮੇਕਰਜ਼ ਨੇ ਕਿਹਾ ਕਿ ਰਾਸ਼ਟਰਪਤੀ ਦੀਆਂ ਹਮਲਾਵਰ ਨੀਤੀਆਂ ਕਾਰਨ ਅਮਰੀਕੀ ਅਰਥਵਿਵਸਥਾ ਤਬਾਹ ਹੋ ਰਹੀ ਹੈ ਅਤੇ ਤੇਲ ਦੀਆਂ ਕੀਮਤਾਂ ਅਸਮਾਨ ਛੂਹ ਰਹੀਆਂ ਹਨ। ਉਨ੍ਹਾਂ ਨੇ ਟਰੰਪ ਨੂੰ ਜੰਗ ਦਾ ਜਨੂੰਨੀ ਦੱਸਦਿਆਂ ਤੁਰੰਤ ਅਹੁਦਾ ਛੱਡਣ ਲਈ ਕਿਹਾ। ਅਮਰੀਕਾ ਦੇ ਕਈ ਵੱਡੇ ਸ਼ਹਿਰਾਂ ਵਿੱਚ ਟਰੰਪ ਦੇ ਖ਼ਿਲਾਫ਼ ਪ੍ਰਦਰਸ਼ਨ ਹੋ ਰਹੇ ਹਨ। ਜਨਤਾ ਵਿੱਚ ਇਸ ਗੱਲ ਨੂੰ ਲੈ ਕੇ ਗੁੱਸਾ ਹੈ ਕਿ ਅਰਬਾਂ ਡਾਲਰ ਜੰਗ 'ਤੇ ਖ਼ਰਚ ਕੀਤੇ ਜਾ ਰਹੇ ਹਨ, ਜਦਕਿ ਦੇਸ਼ ਵਿੱਚ ਦਿਨੋ-ਦਿਨ ਮਹਿੰਗਾਈ ਵਧਦੀ ਜਾ ਰਹੀ ਹੈ। ਹਾਲਾਂਕਿ ਵਾਈਟ ਹਾਊਸ ਨੇ ਇਨ੍ਹਾਂ ਮੰਗਾਂ ਨੂੰ ਸਿਰੇ ਤੋਂ ਖਾਰਜ ਕਰ ਦਿੱਤਾ ਹੈ। ਰਾਸ਼ਟਰਪਤੀ ਟਰੰਪ ਦੇ ਸਮਰਥਕਾਂ ਦਾ ਕਹਿਣਾ ਹੈ ਕਿ ਇਰਾਨ ਨੂੰ ਰੋਕਣਾ ਅਮਰੀਕਾ ਦੀ ਰਾਸ਼ਟਰੀ ਸੁਰੱਖਿਆ ਲਈ ਜ਼ਰੂਰੀ ਹੈ। ਇਸ ਦੌਰਾਨ ਜੇਕਰ ਵਿਰੋਧੀ ਧਿਰ ਇੱਕਜੁੱਟ ਹੁੰਦੀ ਹੈ, ਤਾਂ ਰਾਸ਼ਟਰਪਤੀ ਖ਼ਿਲਾਫ਼ ਮਹਾਂਦੋਸ਼ ਦੀ ਪ੍ਰਕਿਰਿਆ ਸ਼ੁਰੂ ਕਰਨ ਦੀ ਕੋਸ਼ਿਸ਼ ਕੀਤੀ ਜਾ ਸਕਦੀ ਹੈ ਤੇ ਇਸ ਕਾਰਨ ਜੇਕਰ ਸਿਆਸੀ ਅਸਥਿਰਤਾ ਵਧਦੀ ਹੈ ਤਾਂ ਅਮਰੀਕੀ ਸ਼ੇਅਰ ਬਾਜ਼ਾਰ ਵਿੱਚ ਵੱਡੀ ਗਿਰਾਵਟ ਦੇਖਣ ਨੂੰ ਮਿਲ ਸਕਦੀ ਹੈ।



## ਅਮਰੀਕਾ ਨੇ ਈਰਾਨ ਦੀ ਕਿਹੜੀਆਂ 10 ਸ਼ਰਤਾਂ ਮੰਨੀਆਂ

ਅਮਰੀਕਾ ਅਤੇ ਈਰਾਨ ਵਿਚਕਾਰ ਦੋ ਹਫ਼ਤਿਆਂ ਦੀ ਜੰਗਬੰਦੀ ਹੋ ਗਈ ਹੈ। ਇਜ਼ਰਾਈਲ ਵੀ ਜੰਗਬੰਦੀ ਲਈ ਸਹਿਮਤ ਹੋ ਗਿਆ ਹੈ। ਸਮਝੌਤੇ 'ਤੇ ਗੱਲਬਾਤ 10 ਅਪ੍ਰੈਲ ਨੂੰ ਇਸਲਾਮਾਬਾਦ ਵਿੱਚ ਸ਼ੁਰੂ ਹੋਵੇਗੀ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ 7 ਅਪ੍ਰੈਲ ਦੀ ਸਮਾਂ ਸੀਮਾ ਤੋਂ ਪਹਿਲਾਂ ਜੰਗਬੰਦੀ ਦਾ ਐਲਾਨ ਕੀਤਾ। ਇਜ਼ਰਾਈਲ ਅਤੇ ਹਿਜ਼ਬੁੱਲਾ ਇੱਕ ਦੂਜੇ 'ਤੇ ਹਮਲਾ ਕਰਨ ਤੋਂ ਵੀ ਗੁਰੇਜ਼ ਕਰਨਗੇ। ਇਰਾਨ ਦੀ ਸੁਪਰੀਮ ਨੈਸ਼ਨਲ ਕੌਂਸਲ ਨੇ ਟਰੰਪ ਦੇ ਪੋਸਟ 'ਤੇ ਪ੍ਰਤੀਕਿਰਿਆ ਦਿੱਤੀ। ਉਨ੍ਹਾਂ ਕਿਹਾ ਕਿ ਦੁਸ਼ਮਣ ਨੂੰ ਈਰਾਨ ਵਿਰੁੱਧ ਆਪਣੀ ਬੇਇਨਸਾਫ਼ੀ, ਗੈਰ-ਕਾਨੂੰਨੀ ਅਤੇ ਅਪਰਾਧਿਕ ਜੰਗ ਵਿੱਚ ਇਤਿਹਾਸਕ ਅਤੇ ਕਰਾਰੀ ਹਾਰ ਦਾ ਸਾਹਮਣਾ ਕਰਨਾ ਪਿਆ ਹੈ। ਅਮਰੀਕਾ ਨੂੰ ਈਰਾਨ ਦੇ 10-ਨੁਕਾਤੀ ਪ੍ਰਸਤਾਵ ਨੂੰ ਸਵੀਕਾਰ ਕਰਨ ਲਈ ਮਜਬੂਰ ਹੋਣਾ ਪਿਆ।

**ਈਰਾਨ ਨੂੰ ਅਮਰੀਕਾ ਨਾਲ ਜੰਗਬੰਦੀ ਲਈ ਸਹਿਮਤ ਹੋਣ ਲਈ 10 ਸ਼ਰਤਾਂ ਇਸ ਪ੍ਰਕਾਰ ਹਨ:**

- ☛ ਹਮਲੇ ਨਾ ਕਰਨ ਦਾ ਸਮਝੌਤਾ
- ☛ ਸਟ੍ਰੇਟ ਆਫ ਹੋਰਮੁਜ਼ 'ਤੇ ਈਰਾਨ ਦਾ ਕੰਟਰੋਲ ਜਾਰੀ ਰਹੇਗਾ
- ☛ ਯੂਰੇਨੀਅਮ 5✪☛◆✵✫✡✚✪✝ ਨੂੰ ਸਵੀਕਾਰ ਕਰਨਾ
- ☛ ਈਰਾਨ 'ਤੇ ਲੱਗੀਆਂ ਸਾਰੀਆਂ ਪ੍ਰਾਇਮਰੀ ਪਾਬੰਦੀਆਂ ਹਟਾਉਣਾ
- ☛ ਸਾਰੀਆਂ ਸੈਕੰਡਰੀ ਪਾਬੰਦੀਆਂ ਵੀ ਖ਼ਤਮ ਕਰਨਾ
- ☛ United Nations Security Council ਦੇ ਸਾਰੇ ਮਤਿਆਂ ਨੂੰ ਖ਼ਤਮ ਕਰਨਾ
- ☛ International Atomic Energy Agency ਦੇ ਬੋਰਡ ਆਫ਼ ਗਵਰਨਰਜ਼ ਦੇ ਸਾਰੇ ਮਤਿਆਂ ਨੂੰ ਖਤਮ ਕਰਨਾ
- ☛ ਈਰਾਨ ਨੂੰ ਮੁਆਵਜ਼ਾ ਦੇਣਾ
- ☛ ਖੇਤਰ ਤੋਂ ਅਮਰੀਕੀ ਲੜਾਕੂ ਫੌਜ਼ਾਂ ਦੀ ਵਾਪਸੀ
- ☛ ਸਾਰੇ ਮੋਰਚਿਆਂ 'ਤੇ ਜੰਗ ਖਤਮ ਕਰਨਾ, ਜਿਸ 'ਚ ਲੇਬਨਾਨ ਦੀ ਇਸਲਾਮਿਕ Resistance ਖਿਲਾਫ ਕਾਰਵਾਈਆਂ ਸ਼ਾਮਲ

## ਮੁੱਖ ਮੰਤਰੀ ਮਾਨ ਦੇ ਬਿਆਨ ਨੂੰ ਲੈ ਕੇ SOI ਦਾ ਚੰਡੀਗੜ੍ਹ 'ਚ ਪ੍ਰਦਰਸ਼ਨ, ਚੰਡੀਗੜ੍ਹ ਪੁਲਿਸ ਨਾਲ ਧੱਕਾ-ਮੁੱਕੀ, ਕਈ ਆਗੂ ਤੇ ਵਰਕਰ ਹਿਰਾਸਤ 'ਚ

**ਚੰਡੀਗੜ੍ਹ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਮਾਨ ਦੇ ਬਿਆਨ ਦੇ ਵਿਰੋਧ ਵਿੱਚ ਬੁੱਧਵਾਰ ਚੰਡੀਗੜ੍ਹ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਵਿਦਿਆਰਥੀ ਵਿੰਗ ਸਟੂਡੈਂਟ ਆਰਗੇਨਾਈਜ਼ੇਸ਼ਨ ਆਫ਼ ਇੰਡੀਆ (SOI) ਵੱਲੋਂ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਸੋਈ ਵਰਕਰਾਂ ਵੱਲੋਂ ਸੀਐਮ ਰਿਹਾਇਸ਼ ਦਾ ਘਿਰਾਓ ਕੀਤਾ ਗਿਆ। ਜਥੇਬੰਦੀ ਦੇ ਪ੍ਰਧਾਨ ਰਾਣਾ ਰਣਬੀਰ ਸਮੇਤ ਕਈ ਆਗੂਆਂ ਨੇ ਸੀਐਮ ਮਾਨ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਇਸ ਦੌਰਾਨ ਆਗੂਆਂ ਦੀ ਪੁਲਿਸ ਨਾਲ ਝੜਪ ਹੋਈ, ਜਿਸ ਤੋਂ ਬਾਅਦ ਚੰਡੀਗੜ੍ਹ ਪੁਲਿਸ ਨੇ ਸੋਈ ਮੁਖੀ ਰਾਣਾ ਰਣਬੀਰ ਅਤੇ ਹੋਰ ਕਾਰਕੁਨਾਂ ਨੂੰ ਹਿਰਾਸਤ ਵਿੱਚ ਲੈ ਲਿਆ ਅਤੇ ਉਨ੍ਹਾਂ ਨੂੰ ਥਾਣੇ ਲੈ ਗਈ। ਦੱਸ ਦਈਏ ਕਿ ਮੁੱਖ ਮੰਤਰੀ ਨੇ ਹਾਲ ਹੀ ਵਿੱਚ ਸਟੇਜ ਤੋਂ SOI ਨੂੰ "ਸਮੈਕ ਆਰਗੇਨਾਈਜ਼ੇਸ਼ਨ ਆਫ਼ ਇੰਡੀਆ" ਕਿਹਾ ਸੀ। ਇਸ ਦੇ ਮੱਦੇਨਜ਼ਰ ਚੰਡੀਗੜ੍ਹ ਪੁਲਿਸ ਹਾਈ ਅਲਰਟ 'ਤੇ ਹੈ। ਪੁਲਿਸ ਵੱਲੋਂ ਅੱਜ ਕਾਰਕੁਨਾਂ ਨੂੰ ਰੋਕਣ ਲਈ ਬੈਰੀਕੇਡ ਲਗਾਏ ਗਏ ਸਨ ਅਤੇ ਵਾਟਰ ਕੈਨਨ ਵੀ ਤਿਆਰ ਕੀਤੀਆਂ ਗਈਆਂ ਸਨ। ਬਾਲੀਵੁੱਡ ਮੂਵੀ ਟ੍ਰੇਲਰ ਇਸਤੋਂ ਪਹਿਲਾਂ ਪੰਜਾਬ ਯੂਨੀਵਰਸਿਟੀ 'ਚ ਵੀ ਵਿਦਿਆਰਥੀਆਂ ਨੇ ਮੁੱਖ ਮੰਤਰੀ ਵਿਰੁੱਧ ਨਾਅਰੇਬਾਜ਼ੀ ਕੀਤੀ ਸੀ ਅਤੇ ਪੁਤਲਾ ਸਾੜਿਆ ਸੀ। ਜਥੇਬੰਦੀ ਵੱਲੋਂ ਉਨ੍ਹਾਂ ਨੂੰ ਸੱਤ ਦਿਨਾਂ ਦੇ ਅੰਦਰ ਬਿਨਾਂ ਸ਼ਰਤ ਮੁਆਫ਼ੀ ਮੰਗਣ ਲਈ ਕਾਨੂੰਨੀ ਨੋਟਿਸ ਵੀ ਭੇਜਿਆ ਗਿਆ।

## ਨਵਜੋਤ ਕੌਰ ਸਿੱਧੂ ਦਾ ਵੱਡਾ ਐਲਾਨ, 2027 'ਚ ਭਾਰਤੀ ਰਾਸ਼ਟਰਵਾਦੀ ਪਾਰਟੀ ਤੋਂ ਲੜਣਗੇ ਚੋਣ, ਕਿਹਾ - ਸਿੱਧੂ ਇਸ ਸਮੇਂ ਕਿਸੇ ਪਾਰਟੀ 'ਚ ਨਹੀਂ

**ਚੰਡੀਗੜ੍ਹ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸਾਬਕਾ ਕ੍ਰਿਕਟਰ ਨਵਜੋਤ ਸਿੰਘ ਸਿੱਧੂ ਦੀ ਪਤਨੀ ਡਾ. ਨਵਜੋਤ ਕੌਰ ਸਿੱਧੂ ਨੇ ਬੁੱਧਵਾਰ ਐਲਾਨ ਕੀਤਾ ਕਿ ਉਹ 2027 ਵਿਧਾਨ ਸਭਾ ਚੋਣਾਂ ਭਾਰਤੀ ਰਾਸ਼ਟਰਵਾਦੀ ਪਾਰਟੀ ਤੋਂ ਲੜਨਗੇ। ਉਨ੍ਹਾਂ ਕਿਹਾ ਕਿ ਪਾਰਟੀ 2027 'ਚ ਵਿਧਾਨ ਸਭਾ ਦੀਆਂ ਸਾਰੀਆਂ 117 ਸੀਟਾਂ 'ਤੇ ਚੋਣ ਲੜੇਗੀ। ਚੰਡੀਗੜ੍ਹ ਵਿਖੇ ਇੱਕ ਪ੍ਰੈਸ ਕਾਨਫਰੰਸ ਦੌਰਾਨ ਇਹ ਐਲਾਨ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਇੱਕ ਵੱਡੀ ਪਾਰਟੀ ਵਿੱਚ ਚੋਣਾਂ ਲੜਨ ਲਈ ਪੈਸੇ ਦੀ ਲੋੜ ਹੁੰਦੀ ਹੈ, ਮੈਂ ਕਿਉਂ ਪੈਸੇ ਦੇਵੇਗੀ। ਮੈਂ ਇਹ ਪੈਸੇ ਹੋਰ ਕੰਮਾਂ ਲਈ ਵਰਤਾਂਗੀ। ਉਨ੍ਹਾਂ ਨੇ ਕਿਹਾ ਕਿ ਮੈਨੂੰ ਵਿਦੇਸ਼ਾਂ ਤੋਂ ਲੋਕਾਂ ਦੇ ਫੋਨ ਆ ਰਹੇ ਹਨ, ਜੋ ਉਸਦਾ ਸਮਰਥਨ ਕਰਨ ਲਈ ਤਿਆਰ ਹਨ। ਜੇਕਰ ਉਨ੍ਹਾਂ ਦੀ ਸਰਕਾਰ ਬਣ ਜਾਂਦੀ ਹੈ, ਤਾਂ ਮੰਤਰੀਆਂ ਨੂੰ ਇੱਕ ਮਹੀਨੇ ਦੇ ਅੰਦਰ ਰਿਪੋਰਟ ਸੌਂਪਣੀ ਪਵੇਗੀ। ਇਸ ਦੇ ਨਾਲ ਹੀ ਕੈਬਨਿਟ ਵਿੱਚ ਸਿਰਫ਼ ਤਜਰਬੇਕਾਰ ਲੋਕਾਂ ਨੂੰ ਹੀ ਜਗ੍ਹਾ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਨਵਜੋਤ ਸਿੰਘ ਸਿੱਧੂ ਇਸ ਵੇਲੇ ਕਿਸੇ ਵੀ ਪਾਰਟੀ ਵਿੱਚ ਨਹੀਂ ਹਨ। ਉਨ੍ਹਾਂ ਨੂੰ 2022 ਤੋਂ ਬਾਅਦ ਕਿਸੇ ਵੀ ਪਾਰਟੀ ਨੇ ਸੱਦਾ ਨਹੀਂ ਦਿੱਤਾ ਹੈ। 500 ਕਰੋੜ ਰੁਪਏ ਦੇ ਬਿਆਨ ਬਾਰੇ ਉਨ੍ਹਾਂ ਕਿਹਾ, "ਮੈਂ ਇਹ ਨਹੀਂ ਕਿਹਾ; ਚੈਨਲ ਨੇ ਇਹ ਕਿਹਾ ਹੈ।" ਇੱਕ ਦਿਨ ਪਹਿਲਾਂ, ਨਵਜੋਤ ਕੌਰ ਸਿੱਧੂ ਨੇ 9 ਸਾਲ ਪੁਰਾਣੀ ਭਾਰਤੀ ਰਾਸ਼ਟਰਵਾਦੀ ਪਾਰਟੀ ਦਾ ਇੱਕ ਪੋਸਟਰ ਸਾਂਝਾ ਕੀਤਾ ਸੀ। ਉਨ੍ਹਾਂ ਨੇ ਲਗਭਗ ਦੋ ਮਹੀਨੇ ਪਹਿਲਾਂ ਕਾਂਗਰਸ ਪਾਰਟੀ ਛੱਡ ਦਿੱਤੀ ਸੀ।

## ਸ੍ਰੀ ਹੇਮਕੁੰਟ ਸਾਹਿਬ ਯਾਤਰਾ ਦੀਆਂ ਤਿਆਰੀਆਂ ਜ਼ੋਰਾਂ 'ਤੇ; ਫੌਜ ਤੇ ਟਰੱਸਟ ਦੀ ਸਾਂਝੀ ਟੀਮ ਨੇ ਪੈਦਲ ਰਸਤੇ ਦਾ ਕੀਤਾ ਨਿਰੀਖਣ



**ਰਿਸ਼ੀਕੇਸ਼, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਫੌਜ ਅਤੇ ਗੁਰਦੁਆਰਾ ਟਰੱਸਟ ਨੇ ਵਿਸ਼ਵ-ਪ੍ਰਸਿੱਧ ਸਿੱਖ ਤੀਰਥ ਸਥਾਨ ਸ੍ਰੀ ਹੇਮਕੁੰਟ ਸਾਹਿਬ ਦੀ ਸਲਾਨਾ ਯਾਤਰਾ ਨੂੰ ਸੁਚਾਰੂ ਅਤੇ ਸੁਰੱਖਿਅਤ ਬਣਾਉਣ ਲਈ ਤਿਆਰੀ ਕਰ ਲਈ ਹੈ। ਭਾਰਤੀ ਫੌਜ ਦੇ ਜਵਾਨਾਂ ਅਤੇ ਗੁਰਦੁਆਰਾ ਹੇਮਕੁੰਡ ਸਾਹਿਬ ਪ੍ਰਬੰਧਨ ਟਰੱਸਟ ਦੇ ਵਲੰਟੀਅਰਾਂ ਦੀ ਇੱਕ ਸਾਂਝੀ ਟੀਮ ਨੇ ਗੋਵਿੰਦਘਾਟ ਤੋਂ ਧਾਰਮਿਕ ਸਥਾਨ ਤੱਕ ਦੇ ਟ੍ਰੈਕਿੰਗ ਰੂਟ ਦਾ ਨਿਰੀਖਣ ਕੀਤਾ। ਨਿਰੀਖਣ ਦੌਰਾਨ, ਇਹ ਪਾਇਆ ਗਿਆ ਕਿ ਧਾਰਮਿਕ ਸਥਾਨ ਕੰਪਲੈਕਸ ਵਿੱਚ ਅਜੇ ਵੀ 5 ਤੋਂ 6 ਫੁੱਟ ਬਰਫ਼ ਹੈ, ਜਦੋਂ ਕਿ ਮੁੱਖ ਸਟਾਪ, ਅਟਲਾਕੋਟੀ ਗਲੇਸ਼ੀਅਰ ਪੁਆਇੰਟ 'ਤੇ ਵੱਡੀ ਮਾਤਰਾ ਵਿੱਚ ਬਰਫ਼ ਦੇ ਟੁਕੜੇ ਵੀ ਮੌਜੂਦ ਸਨ। ਹਾਲਾਂਕਿ ਰਾਹਤ ਦੀ ਗੱਲ ਇਹ ਹੈ ਕਿ ਪਿਛਲੇ 10 ਦਿਨਾਂ ਤੋਂ ਹੋਈ ਬਰਫ਼ਬਾਰੀ ਹਲਕੀ ਰਹੀ ਹੈ ਅਤੇ ਜਲਦੀ ਹੀ ਪਿਘਲਣ ਦੀ ਉਮੀਦ ਹੈ। ਸ਼ਰਧਾਲੂਆਂ ਲਈ ਰਸਤਾ ਖੋਲ੍ਹਣ ਲਈ, ਭਾਰਤੀ ਫੌਜ ਦੀ ਇੱਕ ਟੁਕੜੀ 15 ਅਪ੍ਰੈਲ ਤੋਂ ਬਾਅਦ ਗੋਵਿੰਦਘਾਟ ਤੋਂ ਰਵਾਨਾ ਹੋਵੇਗੀ, ਰਸਤਾ ਤਿਆਰ ਕਰਨ ਲਈ ਮੁਸ਼ਕਲ ਰਸਤੇ ਅਤੇ ਗਲੇਸ਼ੀਅਰਾਂ ਨੂੰ ਸਾਫ਼ ਕਰੇਗੀ। ਟਰੱਸਟ ਦੇ ਅਧਿਕਾਰੀਆਂ ਦੇ ਅਨੁਸਾਰ, ਜੇਕਰ ਆਉਣ ਵਾਲੇ ਦਿਨਾਂ ਵਿੱਚ ਮੌਸਮ ਸਾਫ਼ ਅਤੇ ਧੁੱਪਦਾਰ ਰਿਹਾ, ਤਾਂ ਬਰਫ਼ ਹਟਾਉਣ ਦੀ ਪ੍ਰਕਿਰਿਆ ਜਲਦੀ ਪੂਰੀ ਹੋ ਜਾਵੇਗੀ। ਹਿਮਾਲਿਆ ਦੀ ਗੋਦ ਵਿੱਚ ਸਥਿਤ ਹੇਮਕੁੰਡ ਸਾਹਿਬ ਆਪਣੀ ਅਲੌਕਿਕ ਸੁੰਦਰਤਾ ਅਤੇ ਅਧਿਆਤਮਿਕ ਸ਼ਾਂਤੀ ਲਈ ਜਾਣਿਆ ਜਾਂਦਾ ਹੈ। ਬਰਫ਼ ਨਾਲ ਢੱਕੀਆਂ ਚੋਟੀਆਂ ਅਤੇ ਇੱਕ ਪਵਿੱਤਰ ਝੀਲ ਦੇ ਵਿਚਕਾਰ ਸਥਿਤ ਇਸ ਪਵਿੱਤਰ ਅਸਥਾਨ ਦੀ ਯਾਤਰਾ ਇਸ ਸਾਲ 23 ਮਈ, 2026 ਨੂੰ ਸ਼ੁਰੂ ਹੋਣ ਵਾਲੀ ਹੈ। ਸ਼ਰਧਾਲੂਆਂ ਦਾ ਪਹਿਲਾ ਜੱਥਾ 20 ਮਈ ਨੂੰ ਰਿਸ਼ੀਕੇਸ਼ ਤੋਂ ਉਤਸ਼ਾਹ ਨਾਲ ਰਵਾਨਾ ਹੋਵੇਗਾ। ਇੱਕ ਸਾਂਝੇ ਬਿਆਨ ਵਿੱਚ, ਗੁਰਦੁਆਰਾ ਟਰੱਸਟ ਅਤੇ ਫੌਜ ਦੇ ਅਧਿਕਾਰੀਆਂ ਨੇ ਕਿਹਾ ਕਿ ਪ੍ਰਸ਼ਾਸਨ ਅਤੇ ਪ੍ਰਬੰਧਨ ਵਿਚਕਾਰ ਨਜ਼ਦੀਕੀ ਤਾਲਮੇਲ ਬਣਾਇਆ ਜਾ ਰਿਹਾ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਭਾਰਤ ਅਤੇ ਵਿਦੇਸ਼ਾਂ ਤੋਂ ਆਉਣ ਵਾਲੇ ਸ਼ਰਧਾਲੂਆਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਉਨ੍ਹਾਂ ਦੀ ਯਾਤਰਾ ਬਿਨਾਂ ਕਿਸੇ ਰੁਕਾਵਟ ਦੇ ਪੂਰੀ ਹੋ ਸਕੇ।

## ਸੁਖਬੀਰ ਸਿੰਘ ਬਾਦਲ 'ਸਾਜ਼ਿਸ਼' ਦੇ ਇਲਜ਼ਾਮ ਅਕਾਲ ਤਖ਼ਤ ਸਾਹਿਬ 'ਤੇ ਸਾਬਤ ਕਰਨ : ਗਿਆਨੀ ਰਘਬੀਰ ਸਿੰਘ




**ਅੰਮ੍ਰਿਤਸਰ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਾਬਕਾ ਮੁੱਖ ਗ੍ਰੰਥੀ ਗਿਆਨੀ ਰਘਬੀਰ ਸਿੰਘ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਦਿੱਤੇ ਗਏ ਤਾਜ਼ਾ ਬਿਆਨ 'ਤੇ ਸਖ਼ਤ ਪ੍ਰਤੀਕਿਰਿਆ ਦਿੱਤੀ ਹੈ। ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਵੱਲੋਂ 2 ਦਸੰਬਰ 2024 ਨੂੰ ਸੁਣਾਈ ਗਈ ਧਾਰਮਿਕ ਤਨਖ਼ਾਹ (ਸੇਵਾ) ਨੂੰ ਇਕ 'ਸਾਜ਼ਿਸ਼' ਕਰਾਰ ਦੇਣਾ ਸ੍ਰੀ ਅਕਾਲ ਤਖ਼ਤ ਸਾਹਿਬ ਦੀਆਂ ਮਰਿਆਦਾਵਾਂ ਅਤੇ ਪੰਥਕ ਪਰੰਪਰਾਵਾਂ ਦੀ ਘੋਰ ਉਲੰਘਣਾ ਹੈ। ਜਥੇਦਾਰ ਨੇ ਸਪੱਸ਼ਟ ਕੀਤਾ ਕਿ 2 ਦਸੰਬਰ ਦਾ ਫੈਸਲਾ ਕਿਸੇ ਨਿੱਜੀ ਰੰਜਿਸ਼ ਤਹਿਤ ਨਹੀਂ, ਸਗੋਂ ਸਮੁੱਚੀ ਅਕਾਲੀ ਲੀਡਰਸ਼ਿਪ ਵੱਲੋਂ ਸੰਗਤ ਦੀ ਕਚਹਿਰੀ ਵਿਚ ਖੁਦ ਕਬੂਲ ਕੀਤੇ ਗਏ ਗੁਨਾਹਾਂ ਦੇ ਅਧਾਰ 'ਤੇ ਲਿਆ ਗਿਆ ਸੀ। ਉਨ੍ਹਾਂ ਕਿਹਾ ਕਿ ਉਸ ਦਿਨ ਸਾਰੀ ਲੀਡਰਸ਼ਿਪ ਨੇ ਮਾਈਕ ਫੜ ਕੇ ਸੰਗਤ ਦੇ ਸਾਹਮਣੇ ਆਪਣੀਆਂ ਭੁੱਲਾਂ ਮੰਨੀਆਂ ਸਨ ਅਤੇ ਲੱਗੀ ਹੋਈ ਸੇਵਾ ਵੀ ਨਿਭਾਈ ਸੀ ਪਰ ਹੁਣ ਸੇਵਾ ਪੂਰੀ ਹੋਣ ਤੋਂ ਬਾਅਦ ਆਪਣੇ ਬਿਆਨਾਂ ਤੋਂ ਮੁੱਕਰ ਜਾਣਾ ਅਤੇ ਇਸ ਨੂੰ ਸਾਜ਼ਿਸ਼ ਦੱਸਣਾ ਮੰਦਭਾਗਾ ਹੈ।

ਗਿਆਨੀ ਰਘਬੀਰ ਸਿੰਘ ਨੇ ਸੁਖਬੀਰ ਸਿੰਘ ਬਾਦਲ ਨੂੰ ਖੁੱਲ੍ਹੀ ਚੁਣੌਤੀ ਦਿੰਦਿਆਂ ਕਿਹਾ ਕਿ ਉਹ ਕੋਈ ਵੀ ਦਿਨ ਮੁਕੱਰਰ ਕਰ ਲੈਣ ਅਤੇ ਆਪਣੇ ਪਰਿਵਾਰ ਸਮੇਤ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਪੇਸ਼ ਹੋਣ। ਉੱਥੇ ਗੁਰੂ ਸਾਹਿਬ ਦੇ ਪ੍ਰਕਾਸ਼ ਅਤੇ ਪੰਜ ਸਿੰਘ ਸਾਹਿਬਾਨ ਦੀ ਹਜ਼ੂਰੀ ਵਿਚ ਉਹ ਇਹ ਸਾਬਤ ਕਰਨ ਕਿ ਇਹ ਫੈਸਲਾ ਕਿਸੇ ਸਾਜ਼ਿਸ਼ ਦਾ ਹਿੱਸਾ ਸੀ। ਜਥੇਦਾਰ ਨੇ ਭਾਵੁਕ ਹੁੰਦਿਆਂ ਕਿਹਾ ਕਿ ਜੇਕਰ ਇਹ ਸਾਜ਼ਿਸ਼ ਸਾਬਤ ਹੁੰਦੀ ਹੈ ਤਾਂ ਪੰਥ ਜੋ ਵੀ ਸਜ਼ਾ ਉਨ੍ਹਾਂ ਨੂੰ ਲਗਾਏਗਾ, ਉਹ ਖਿੜੇ ਮੱਥੇ ਪ੍ਰਵਾਨ ਕਰਨਗੇ। ਉਨ੍ਹਾਂ ਅਖੀਰ ਵਿਚ ਦੁਹਰਾਇਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਫੈਸਲਾ ਪੰਥਕ ਭਾਵਨਾਵਾਂ ਦੀ ਤਰਜਮਾਨੀ ਕਰਦਾ ਹੈ ਅਤੇ ਇਸ 'ਤੇ ਉਂਗਲ ਉਠਾਉਣਾ ਸਿੱਖੀ ਸਿਧਾਂਤਾਂ ਦੇ ਵਿਰੁੱਧ ਹੈ।

ਅਕਾਲ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਵੱਲੋਂ

# ਇਕ ਰੋਜਾ ਵਿਦਿਅਕ ਟੂਰ ਲਗਾਇਆ



**ਤਲਵੰਡੀ ਸਾਬੋ, 8 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**-ਅਕਾਲ ਯੂਨੀਵਰਸਿਟੀ ਦਾ ਪੰਜਾਬੀ ਵਿਭਾਗ ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ, ਸਾਹਿਤ ਅਤੇ ਸਭਿਆਚਾਰ ਨਾਲ ਜੋੜਨ ਲਈ ਕਈ ਤਰ੍ਹਾਂ ਦੀਆਂ ਗਤੀਵਿਧੀਆਂ ਦਾ ਆਯੋਜਨ ਕਰਦਾ ਰਹਿੰਦਾ ਹੈ। ਇਸ ਪ੍ਰਸੰਗ ਵਿਚ ਹੀ ਪੰਜਾਬੀ ਸਾਹਿਤ ਸਭਾ, ਪੰਜਾਬੀ ਵਿਭਾਗ ਵੱਲੋਂ ਇਕ ਰੋਜਾ ਵਿਦਿਅਕ ਟੂਰ ਲਗਾਇਆ ਗਿਆ।ਪੰਜਾਬੀ ਵਿਭਾਗ ਦੇ ਬੀ.ਏ ਤੇ ਐੱਮ.ਏ ਦੇ ਵਿਦਿਆਰਥੀ ਵਿਭਾਗ ਦੇ ਅਧਿਆਪਕਾਂ ਦੀ ਅਗਵਾਈ ਵਿਚ ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਿੱਚ ਲੱਗੇ ਪੁਸਤਕ ਮੇਲੇ ਵਿਚ ਪਹੁੰਚੇ। ਇਹ ਇਕ ਪੰਜ ਰੋਜ਼ਾ ਪੁਸਤਕ ਮੇਲਾ ਸੀ, ਜਿਸ ਦਾ ਆਯੋਜਨ ਪਿਛਲੇ ਹਫਤੇ ਕੀਤਾ ਗਿਆ। ਵਿਦਿਆਰਥੀਆਂ ਨੇ ਮੇਲੇ ਵਿਚ ਵਿਚਰਦਿਆਂ ਮੌਕੇ ਤੇ ਹਾਜ਼ਰ ਵੱਖ-ਵੱਖ ਲੇਖਕਾਂ ਨਾਲ ਮੁਲਾਕਾਤ ਕੀਤੀ। ਲਗਭਗ ਹਰ ਵਿਦਿਆਰਥੀ ਨੇ ਆਪਣੀ ਆਪਣੀ ਪਸੰਦ ਮੁਤਾਬਿਕ ਕਿਤਾਬਾਂ ਖਰੀਦੀਆਂ।

ਵਿਦਿਆਰਥੀਆਂ ਨੇ ਰਸਤੇ ਵਿਚ ਗੁਰਦੁਆਰਾ ਪਰਮੇਸ਼ਰ ਦੁਆਰ ਦੇ ਦਰਸ਼ਨ ਕੀਤੇ। ਵਿਭਾਗ ਮੁਖੀ ਡਾ. ਗੁਰਜੀਤ ਸਿੰਘ ਨੇ ਵਿਦਿਅਕ ਟੂਰ ਦੌਰਾਨ ਦਿਖੇ ਵਿਦਿਆਰਥੀਆਂ ਦੇ ਉਤਸ਼ਾਹ ਦੀ ਸ਼ਲਾਘਾ ਕੀਤੀ। ਉਹਨਾਂ ਕਿਹਾ ਕਿ ਅਜਿਹੇ ਮੇਲਿਆਂ ਦੀ ਯਾਤਰਾ ਨਾਲ ਵਿਦਿਆਰਥੀਆਂ ਦੀਆਂ ਸਕਰਾਤਮਕ ਸਾਹਿਤਕ ਸਮਰੱਥਾ ਵਿਚ ਨਿਸ਼ਿਚਤ ਤੌਰ 'ਤੇ ਵਾਧਾ ਹੁੰਦਾ ਹੈ। ਉਹਨਾਂ ਨੇ ਵਿਦਿਆਰਥੀਆਂ ਦੀ ਅਨੁਸ਼ਾਸਨੀ ਗਤੀਵਿਧੀਆਂ ਅਤੇ ਸਾਹਿਤਕ ਰੁਚੀਆਂ ਦੀ ਪ੍ਰਸ਼ੰਸਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਸ਼੍ਰੀ ਗੁਰੂ ਤੇਗ ਬਹਾਦਰ ਇੰਸਟੀਟਿਊਟ ਆਫ ਟੈਕਨੋਲੋਜੀ ਵਿਖੇ

# ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ

**ਨਵੀਂ ਦਿੱਲੀ 8 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੀ ਗੁਰੂ ਤੇਗ ਬਹਾਦਰ ਇੰਸਟੀਟਿਊਟ ਆਫ ਟੈਕਨੋਲੋਜੀ ਰਾਜੌਰੀ ਗਾਰਡਨ ਵਿੱਚ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਤੇ ਇੰਸਟੀਟਿਊਟ ਦੇ ਵਿਦਿਆਰਥੀਆਂ ਵੱਲੋਂ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਕੀਰਤਨ ਅਤੇ ਕਥਾ ਦਾ ਪ੍ਰਵਾਹ ਕੀਤਾ ਗਿਆ। ਸਮਾਗਮ ਦੌਰਾਨ ਵਿਦਿਆਰਥੀਆਂ ਨੇ ਗੁਰਬਾਣੀ ਕੀਰਤਨ ਦਾ ਗਾਇਨ ਕਰਣ ਦੇ ਨਾਲ ਬੜੀ ਭਾਵਨਾ ਨਾਲ ਹਿੱਸਾ ਲਿਆ ਅਤੇ ਗੁਰੂ ਸਾਹਿਬ ਜੀ ਦੇ ਜੀਵਨ ਅਤੇ ਉਨ੍ਹਾਂ ਦੀ ਮਹਾਨ ਸ਼ਹਾਦਤ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਇਸ ਮੌਕੇ ਤੇ ਇੰਸਟੀਟਿਊਟ ਦੀ ਚੇਅਰਪਰਸਨ ਬੀਬੀ ਰਣਜੀਤ ਕੌਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਗੁਰੂ ਸਾਹਿਬ ਜੀ ਦੇ ਬਚਪਨ ਦਾ ਨਾਮ ਤਿਆਗ ਮੱਲ ਸੀ। ਕਰਤਾਰਪੁਰ ਦੀ ਜੰਗ ਵਿੱਚ ਬਹਾਦਰੀ ਦਿਖਾਉਣ 'ਤੇ ਗੁਰੂ ਹਰਗੋਬਿੰਦ ਸਾਹਿਬ ਜੀ ਨੇ ਆਪ ਜੀ ਦਾ ਨਾਮ 'ਤੇਗ ਬਹਾਦਰ' (ਤਲਵਾਰ ਦੇ ਧਨੀ) ਰੱਖਿਆ। ਉਨ੍ਹਾਂ ਕਿਹਾ ਜਦੋਂ ਮੁਗਲ ਬਾਦਸ਼ਾਹ ਔਰੰਗਜ਼ੇਬ ਹਿੰਦੂਆਂ ਦਾ ਜ਼ਬਰਦਸਤੀ ਧਰਮ ਪਰਿਵਰਤਨ ਕਰ ਰਿਹਾ ਸੀ, ਤਾਂ ਕਸ਼ਮੀਰੀ ਪੰਡਤ ਗੁਰੂ ਸਾਹਿਬ ਕੋਲ ਫਰਿਆਦ ਲੈ ਕੇ ਆਏ। ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਅੱਜ ਸੰਸਾਰ ਭਰ ਵਿੱਚ ਯਾਦ ਕੀਤਾ ਜਾਂਦਾ ਹੈ। ਉਨ੍ਹਾਂ ਦੀ ਫਰਿਆਦ ਸੁਣਨ ਉਪਰੰਤ ਗੁਰੂ ਸਾਹਿਬ ਜੀ ਨੇ ਧਰਮ ਦੀ ਰੱਖਿਆ ਲਈ ਦਿੱਲੀ ਵੱਲ ਚਾਲੇ ਪਾਏ। ਇਸਲਾਮ ਕਬੂਲ ਨਾ ਕਰਨ 'ਤੇ 11 ਨਵੰਬਰ 1675 ਨੂੰ ਦਿੱਲੀ ਦੇ ਚਾਂਦਨੀ ਚੌਕ ਵਿੱਚ ਆਪ ਜੀ ਨੂੰ ਸ਼ਹੀਦ ਕਰ ਦਿੱਤਾ ਗਿਆ। ਦਿੱਲੀ ਵਿੱਚ ਜਿੱਥੇ ਆਪ ਜੀ ਦੀ ਸ਼ਹਾਦਤ ਹੋਈ, ਉੱਥੇ ਗੁਰਦੁਆਰਾ ਸੀਸ ਗੰਜ ਸਾਹਿਬ ਅਤੇ ਜਿੱਥੇ ਉਨ੍ਹਾਂ ਦੇ ਸਰੀਰ ਦਾ ਸੰਸਕਾਰ ਹੋਇਆ, ਉੱਥੇ ਗੁਰਦੁਆਰਾ ਰਕਾਬ ਗੰਜ ਸਾਹਿਬ ਸੁਸ਼ੋਭਿਤ ਹੈ। ਬੀਬੀ ਰਣਜੀਤ ਕੌਰ ਨੇ ਕਿਹਾ ਗੁਰੂ ਸਾਹਿਬ ਜੀ ਦੀ ਸ਼ਹਾਦਤ ਮਨੁੱਖਤਾ ਲਈ ਇਕ ਵੱਡੀ ਪ੍ਰੇਰਣਾ ਹੈ ਅਤੇ ਸਾਨੂੰ ਗੁਰੂ ਸਾਹਿਬ ਜੀ ਦੇ ਇਤਿਹਾਸ ਨੂੰ ਜ਼ਰੂਰ ਸੁਣਨਾ ਅਤੇ ਪੜ੍ਹਨਾ ਚਾਹੀਦਾ ਹੈ। ਉਸ ਤੋਂ ਸਿੱਖਿਆ ਲੈ ਕੇ ਆਪਣੇ ਜੀਵਨ ਵਿੱਚ ਅਪਣਾਉਣਾ ਚਾਹੀਦਾ ਹੈ। ਇਸ ਸਮਾਗਮ ਵਿੱਚ ਕਈ ਮਾਣਯੋਗ ਹਸਤੀਆਂ ਨੇ ਵੀ ਸ਼ਿਰਕਤ ਕੀਤੀ ਅਤੇ ਗੁਰੂ ਸਾਹਿਬ ਜੀ ਦੇ ਉਪਦੇਸ਼ਾਂ ਨੂੰ ਯਾਦ ਕਰਦਿਆਂ ਸਭ ਨੂੰ ਧਾਰਮਿਕ ਅਤੇ ਨੈਤਿਕ ਮੁੱਲਾਂ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ।




ਆਵਾਜ਼ਿ ਕੌਮ AWAZE QAUM International Newspaper & WEB TV

## ਸ਼੍ਰੀ ਹਜ਼ੂਰ ਸਾਹਿਬ ਵਿਖੇ ਦਸ਼ਮੇਸ਼ ਹਜ਼ੂਰੀ ਸੇਵਾ ਸੁਸਾਇਟੀ, ਨਾਂਦੇੜ ਵੱਲੋਂ 14 ਅਪ੍ਰੈਲ ਵੈਸਾਖੀ ਨੂੰ ਕਰਵਾਇਆ ਜਾਵੇਗਾ 16ਵਾਂ ਕੀਰਤਨ ਦਰਬਾਰ




**ਚੌਕ ਮਹਿਤਾ, 8 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਖਾਲਸਾ ਪੰਥ ਸਾਜਨਾ ਦਿਵਸ 'ਵੈਸਾਖੀ ਪੁਰਬ' ਨਮਿਤ ਮਾਨਯੋਗ ਪੰਜ ਪਿਆਰੇ ਸਾਹਿਬਾਨ ਦੀ ਸਰਪ੍ਰਸਤੀ ਹੇਠ ਅਤੇ ਗੁਰਦੁਆਰਾ ਬੋਰਡ ਦੇ ਸਹਿਯੋਗ ਨਾਲ ਦਸਮੇਸ਼ ਹਜ਼ੂਰੀ ਸੇਵਾ ਸੁਸਾਇਟੀ ਵੱਲੋਂ ਮਿਤੀ 14 ਅਪ੍ਰੈਲ ਨੂੰ 16 ਵੇਂ ਕੀਰਤਨ ਦਰਬਾਰ ਦਾ ਆਯੋਜਨ ਕੀਤਾ ਜਾ ਰਿਹਾ ਹੈ ਸ੍ਰ ਲੱਡੂ ਸਿੰਘ ਮਹਾਜਨ ਸਾਬਕਾ ਪ੍ਰਧਾਨ ਗੁਰਦਆਰਾ ਸੱਚਖੰਡ ਬੋਰਡ ਨਾਂਦੇੜ ਅਤੇ ਪ੍ਰਧਾਨ ਦਸ਼ਮੇਸ਼ ਹਜ਼ੂਰੀ ਸੇਵਾ ਸੋਸਾਇਟੀ ਨੇ ਕਿਹਾ ਕਿ ਇਸ ਕੀਰਤਨ ਦਰਬਾਰ ਵਿੱਚ ਪੰਥ ਪ੍ਰਸਿੱਧ ਰਾਗੀ ਭਾਈ ਗੁਰਪ੍ਰੀਤ ਸਿੰਘ ਜੀ ਅਟਾਰੀ - ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਅਤੇ ਭਾਈ ਮਨਪ੍ਰੀਤ ਸਿੰਘ ਜੀ ਪਟਿਆਲਾ ਮਨੋਹਰ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ। ਇਹ ਕੀਰਤਨ ਦਰਬਾਰ ਰਾਤ 8:30 ਵਜੇ ਆਰੰਭ ਹੋ ਕੇ 12.30 ਵਜੇ ਤੱਕ ਹੋਵੇਗਾ। ਸਮੂੰਹ ਸਾਧ-ਸੰਗਤ ਨੂੰ ਬੇਨਤੀ ਹੈ ਕਿ ਕੀਰਤਨ ਦਰਬਾਰ ਵਿੱਚ ਹਾਜ਼ਰੀਆਂ ਭਰ ਕੇ ਗੁਰੂ ਮਹਾਰਾਜ ਦੀਆ ਅਸੀਸਾਂ ਪ੍ਰਾਪਤ ਕਰੋ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

## ਨਾਮਧਾਰੀ ਦਲੀਪ ਸਿੰਘ ਵਿਰੁੱਧ ਹੁਕਮਨਾਮਾ ਹੋਵੇ ਜਾਰੀ—ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ



**ਫ਼ਿਰੋਜ਼ਪੁਰ, 08 ਅਪ੍ਰੈਲ (ਮਨੋਹਰ ਲਾਲ)** :— ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਰਜਿਸਟਰ ਦੀ ਜਨਰਲ ਮੀਟਿੰਗ ਗੁਰਦੁਆਰਾ ਜੱਜਾਂ ਵਾਲਾ ਜੰਜ ਘਰ ਵਿਖੇ ਪ੍ਰਧਾਨ ਭਾਈ ਕੁਲਵੰਤ ਸਿੰਘ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਭਾਈ ਕੁਲਵੰਤ ਸਿੰਘ ਨੇ ਦੱਸਿਆ ਪਿਛਲੇ ਦਿਨੀ ਹਰਿਆਣਾ ਵਿਖੇ ਧਾਰਮਿਕ ਸਮਾਗਮ ਵਿੱਚ ਨਾਮਧਾਰੀ ਦਲੀਪ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਬਾਰੇ ਵੀਡੀਓ ਕਾਲ ਵਿੱਚ ਸਾਰਿਆਂ ਨੂੰ ਸੰਬੋਧਨ ਕਰਦਿਆਂ ਇਹ ਗੱਲ ਕਹੀ ਕੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਗੁਰੂ ਦੀ ਉਪਾਧੀ ਨਹੀਂ ਮਿਲੀ ਇਹ ਸਿਰਫ ਇੱਕ ਗ੍ਰੰਥ ਹੈ, ਗੁਰੂ ਤਾਂ ਸਿਰਫ ਦੇਹਧਾਰੀ ਹੁੰਦਾ ਹੈ। ਪ੍ਰਧਾਨ ਭਾਈ ਕੁਲਵੰਤ ਸਿੰਘ ਨੇ ਦੱਸਿਆ ਕਿ ਬੜੇ ਦੁੱਖ ਨਾਲ ਕਹਿਣਾ ਪੈ ਰਿਹਾ ਹੈ ਕਿ ਉਸ ਧਾਰਮਿਕ ਸਮਾਗਮ ਵਿੱਚ ਹਰਿਆਣਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝਿੰਡਾ ਅਤੇ ਸਕੱਤਰ ਅੰਗਰੇਜ਼ ਸਿੰਘ ਤੋਂ ਇਲਾਵਾ ਕਈ ਹੋਰ ਮੈਂਬਰ ਤੇ ਗੁਰੂ ਕੀਆਂ ਸੰਗਤਾਂ ਬੈਠੀਆਂ ਸਨ, ਪਰ ਕਿਸੇ ਨੇ ਵੀ ਉੱਥੇ ਕੋਈ ਇਤਰਾਜ ਨਹੀਂ ਕੀਤਾ। ਉਨ੍ਹਾਂ ਨੂੰ ਚਾਹੀਦਾ ਸੀ ਉਸੇ ਸਮੇਂ ਉਹ ਸੰਮੇਲਨ ਬੰਦ ਕਰ ਦਿੱਤਾ ਜਾਂਦਾ, ਪਰ ਕਿਸੇ ਨੇ ਵੀ ਕੋਈ ਇਤਰਾਜ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਪਿਛਲੇ ਦਿਨੀ ਸਿੱਖ ਜਥੇਬੰਦੀਆਂ ਨੇ ਜੀਰਾ ਸ਼ਹਿਰ ਵਿਖੇ ਮੀਟਿੰਗ ਕਰਕੇ ਨਾਮਧਾਰੀ ਦਲੀਪ ਸਿੰਘ ਬਾਰੇ ਸੰਗਤਾਂ ਨੂੰ ਜਾਗਰੂਕ ਕੀਤਾ। ਉਨ੍ਹਾਂ ਕਿਹਾ ਕਿ ਅਸੀਂ ਅਕਾਲ ਤਖਤ ਸਾਹਿਬ ਜੀ ਦੇ ਜਥੇਦਾਰ ਨੂੰ ਅਪੀਲ ਕਰਦੇ ਹਾਂ ਕਿ ਨਾਮਧਾਰੀ ਦਲੀਪ ਸਿੰਘ ਤੇ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ। ਇਨ੍ਹਾਂ ਦੇ ਡੇਰਿਆਂ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਵਾਪਸ ਲੈ ਕੇ ਆਉਣਾ ਚਾਹੀਦਾ ਹੈ ਅਤੇ ਸ਼੍ਰੀ ਅਕਾਲ ਤਖਤ ਸਾਹਿਬ ਜੀ ਤੋਂ ਇੱਕ ਹੁਕਮਨਾਮਾ ਜਾਰੀ ਹੋਵੇ ਕਿ ਨਾਮਧਾਰੀਆਂ ਦੇ ਘਰਾਂ ਵਿੱਚ ਕਿਸੇ ਵੀ ਸਮਾਗਮ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਹੀਂ ਜਾਣਗੇ, ਜਿਸ ਤਰ੍ਹਾਂ ਸਰਸੇ ਵਾਲਿਆਂ ਨਾਲ ਹੁਕਮਨਾਮਾ ਜਾਰੀ ਹੈ ਇਸੇ ਤਰ੍ਹਾਂ ਇਨ੍ਹਾਂ ਨਾਲ ਵੀ ਉਸੇ ਤਰ੍ਹਾਂ ਦਾ ਹੁਕਮਨਾਮਾ ਜਾਰੀ ਹੋਵੇ। ਉਨ੍ਹਾਂ ਕਿਹਾ ਕਿ ਨਾਮਧਾਰੀ ਦਲੀਪ ਸਿੰਘ ਨੂੰ ਚਾਹੀਦਾ ਹੈ ਜਲਦ ਤੋਂ ਜਲਦ ਮਾਫੀ ਮੰਗ ਲਵੇ ਅਕਾਲ ਤਖਤ ਸਾਹਿਬ ਜਾ ਕੇ ਅਤੇ ਆਪਣੇ ਕਹੇ ਹੋਏ ਸ਼ਬਦ ਵਾਪਸ ਲੈ ਲਵੇ ਅਤੇ ਸਾਰੀ ਕੌਮ ਤੋਂ ਵੀ ਮਾਫੀ ਮੰਗ ਲਵੇ। ਮੀਟਿੰਗ ਦੌਰਾਨ ਪ੍ਰਧਾਨ ਭਾਈ ਕੁਲਵੰਤ ਸਿੰਘ, ਚੇਅਰਮੈਨ ਭਾਈ ਅਵਤਾਰ ਸਿੰਘ ਫੌਜੀ, ਵਾਈਸ ਚੇਅਰਮੈਨ ਭਾਈ ਹਰਮੀਤ ਸਿੰਘ ਸਕੱਤਰ ਭਾਈ ਅੰਮ੍ਰਿਤ ਪ੍ਰੀਤ ਸਿੰਘ ਮੀਤ ਸਕੱਤਰ ਭਾਈ ਗੁਰਮੀਤ ਸਿੰਘ ਖਜਾਨਚੀ ਭਾਈ ਬਸੰਤ ਸਿੰਘ ਮੀਤ ਖਜਾਨਚੀ ਮਨਜੀਤ ਸਿੰਘ ਸਟੇਜ ਸਕੱਤਰ ਭਾਈ ਸਤਨਾਮ ਸਿੰਘ ਸਾਜਨ ਭਾਈ ਜਸਪ੍ਰੀਤ ਸਿੰਘ ਭਾਈ ਗੁਰਮੀਤ ਸਿੰਘ ਤਬਲਾ ਵਾਦਕ ਭਾਈ ਮੇਜਰ ਸਿੰਘ ਭਾਈ ਸੁਖਚੈਨ ਸਿੰਘ ਭਾਈ ਸਮਰੱਥ ਸਿੰਘ ਭਾਈ ਕੁਲਵਿੰਦਰ ਸਿੰਘ ਭਾਈ ਗੁਰਮੀਤ ਸਿੰਘ ਕੰਡਕਟਰ ਭਾਈ ਕੁਲਬੀਰ ਸਿੰਘ ਭਾਈ ਪੱਪੂ ਸਿੰਘ ਭਾਈ ਵਜ਼ੀਰ ਸਿੰਘ ਭਾਈ ਸੁਰਜੀਤ ਸਿੰਘ ਵਿਦਿਆਲਿਆ ਭਾਈ ਹਰਭਜਨ ਸਿੰਘ ਰੱਖੜੀ ਤੋਂ ਇਲਾਵਾ ਕਈ ਹੋਰ ਮੈਂਬਰ ਸਾਹਿਬਾਨ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net






ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋਂ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂ ਵਾਲੇ

**1 ਨਵੰਬਰ 2026, ਦਿਨ ਐਤਵਾਰ ਨੂੰ**
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

**ਸਿੱਖ ਫੈਡਰੇਸ਼ਨ ਯੂ ਕੇ ਦੇ ਪ੍ਰਧਾਨ ਭਾਈ ਪਰਮਿੰਦਰ ਸਿੰਘ ਬੱਲ ਦੀ ਧਰਮ ਸੁਪਤਨੀ ਸਵਰਗਵਾਸੀ ਬੀਬੀ ਹਰਪ੍ਰੀਤ ਕੌਰ ਬੱਲ ਦੇ ਨਮਿਤ**

# ਪਹਿਲੀ ਬਰਸੀ ਦੀ ਯਾਦ ਧਾਰਮਿਕ ਸਮਾਗਮ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਵਿਖੇ ਕਰਵਾਏ ਗਏ

















(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

**ਸਾਊਥਾਲ** : ਦਿਨ ਐਤਵਾਰ 5 ਅਪ੍ਰੈਲ 2026 ਨੂੰ ਸਿੰਘ ਸਭਾ . ਪਾਰਕ ਐਵਿਨਿਊ ਵਿਖੇ , ਸਿੱਖ ਫੈਡਰੇਸ਼ਨ ਯੂ ਕੇ ਦੇ ਪ੍ਰਧਾਨ ਭਾਈ ਪਰਮਿੰਦਰ ਸਿੰਘ ਬੱਲ ਦੀ ਧਰਮ ਸੁਪਤਨੀ ਸਵਰਗਵਾਸੀ ਬੀਬੀ ਹਰਪ੍ਰੀਤ ਕੌਰ ਬੱਲ ਦੀ ਯਾਦ ਵਿੱਚ ਪਹਿਲੀ ਬਰਸੀ ਮਨਾਈ ਗਈ । ਸੁਖਮਨੀ ਸਾਹਿਬ ਦੇ ਪਾਠ ਕਰਵਾ ਕੇ , ਭੋਗ ਪਾਏ ਗਏ । ਬੀਬੀ ਜੀ ਦੀ ਯਾਦ ਨਮਿਤ ਵਾਹਿਗੁਰੂ ਅੱਗੇ ਅਰਦਾਸ ਕੀਤੀ ਗਈ । ਇਸ ਸਮੇਂ ਬੱਲ ਪਰਿਵਾਰ ਦੇ ਸੱਦੇ ਤੇ , ਸਮੂੰਹ ਰਿਸ਼ਤੇ ਦਾਰਾਂ , ਭਾਈਚਾਰਕ ਦੋਸਤਾਂ ਮਿੱਤਰਾਂ ਨੇ ਹਾਜ਼ਰੀ ਭਰੀ । ਇਸ ਮੌਕੇ ਗੁਰੂ ਘਰ ਵੱਲੋਂ ਗਿਆਨੀ ਬਲਵਿੰਦਰ ਸਿੰਘ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ । ਬੁਲਾਰਿਆਂ ਵਿੱਚ ਜਸਵੰਤ ਸਿੰਘ ਠੇਕੇਦਾਰ , ਦਲ ਖ਼ਾਲਸਾ ਮੁਖੀ ਨੇ ਬੀਬੀ ਹਰਪ੍ਰੀਤ ਦੀ ਪਰਵਾਰ ਤੇ ਕੌਮੀ ਸੰਘਰਸ਼ ਵਿੱਚ ਯੋਗਦਾਨ ਦੀ ਸ਼ਲਾਘਾ ਕੀਤੀ । ਉਹਨਾਂਦਸਿਆ ਕਿ ਉਹ ਪੰਜਾਬ ਜਾ ਕੇ ਆਪਣੇ ਵਿੱਤ ਤੇ ਹਿੰਮਤ ਮੁਤਾਬਕ ਲੋੜਵੰਦਾਂ ਦੀ ਅੱਗੇ ਹੋ ਕੇ ਮਦਦ ਕਰਦੇ ਰਹੇ । ਅਜਿਹੀ ਮਿਸਾਲ ਕਾਇਮ ਕੀਤੀ , ਤਾਂ ਕਿ ਅਸੀਂ ਸਿੱਖ ਪੰਥ ਤੇ ਬਹੁਪੱਖੀ ਸਮਾਜ ਦਾ ਆਸਰਾ ਬਣੀਏ । ਆਵਾਜ਼ੇ ਕੌਮ ਦੇ ਐਡੀਟਰ , ਇੰਟਰਨੇਸ਼ਨਲ ਪੰਥਕ ਦਲ ਦੇ ਆਗੂ ਭਾਈ ਰਘਬੀਰ ਸਿੰਘ ਸਿੰਘ ਨੇ ਬੱਲ ਪਰਿਵਾਰ ਦੀਆਂ ਸੇਵਾਵਾਂ ਦਾ ਵਰਨਣ ਕਰਦਿਆਂ ਕਿਹਾ ਕਿ ਸ੍. ਪਰਮਿੰਦਰ ਸਿੰਘ ਬੱਲ ਹੋਰਾਂ , ਸਿੰਘ ਸਾਹਿਬ ਭਾਈ ਜਸਵੀਰ ਸਿੰਘ ਹੋਰਾਂ ਨਾਲ ਰਾਬਤਾ ਕਰਕੇ , 1984 ਸਮੇਂ ਦੁਬਈ ਵਿੱਚੋਂ ਯੂ ਕੇ ਸੱਦਿਆ ਤੇ ਉਸ ਸਮੇ ਇੰਟਰਨੇਸ਼ਨਲ ਸਿੱਖ ਫੈਡਰੇਸ਼ਨ ਦੀ ਸਥਾਪਨਾ ਹੋਈ । ਵੂਲਵਰਹੈਮਟਨ , ਕੈਨਕ ਰੋਡ ਗੁਰਦੁਆਰਾ ਅਤੇ ਵੂਲਵਰਹੈਪਟਨ ਗੁਰਦੁਆਰਾ ਕੌਂਸਲ ਦੇ ਆਗੂ ਭਾਈ ਬਲਰਾਜ ਸਿੰਘ ਨੇ ਪਰਵਾਰ ਦੀਆਂ

ਆਵਾਜ਼ਿ ਕੌਮ AWAZE QAUM International Newspaper & WEB TV



ਸਿੱਖ ਫੈਡਰੇਸ਼ਨ ਯੂ ਕੇ ਦੇ ਪ੍ਰਧਾਨ ਭਾਈ ਪਰਮਿੰਦਰ ਸਿੰਘ ਬੱਲ ਦੀ ਧਰਮ ਸੁਪਤਨੀ ਸਵਰਗਵਾਸੀ ਬੀਬੀ ਹਰਪ੍ਰੀਤ ਕੌਰ ਬੱਲ ਦੇ ਨਮਿਤ

# ਪਹਿਲੀ ਬਰਸੀ ਦੀ ਯਾਦ ਧਾਰਮਿਕ ਸਮਾਗਮ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਵਿਖੇ ਕਰਵਾਏ ਗਏ





















ਸੇਵਾਵਾਂ ਆਧਾਰ , ਬੀਬੀ ਹਰਪ੍ਰੀਤ ਕੌਰ ਨੂੰ ਸ਼ਰਧਾਂਜਲੀ ਭੇਂਟ ਕੀਤੀ ।ਈਲਿਗ ਕੌਂਸਲ ਦੇ ਮੰਨੇ ਪਰਮੰਨੇ ਆਗੂ ਤੇ ਕੌਂਸਲਰ ਸ੍ਰੀ ਰਣਜੀਤ ਧੀਰ ਨੇ ਇਸ ਸ਼ਰਧਾਂਜਲੀ ਸਮਾਗਮ ਵਿੱਚ ਬੋਲਦਿਆਂ ਕਿਹਾ ਕਿ ਬੀਬੀ ਹਰਪ੍ਰੀਤ ਕੌਰ ਨੇ ਜਿਵੇਂ ਜ਼ਿੰਦਗੀ ਵਿੱਚ ਆਪਣੇ ਟੀਚੇ ਮਿੱਥ ਕੇ ਸਿੱਖ ਅਤੇ ਪੰਜਾਬੀ ਲੋਕਾਈ ਦੀ ਸੇਵਾ ਕੀਤੀ ਹੈ ।ਸਾਨੂੰ ਸਿੱਖਿਆ ਮਿਲਦੀ ਹੈ ਕਿ ਦੇਸ਼ ਜਾ ਕੇ ਸਾਡੇ ਪਾਸ ਬਹੁਤ ਕੁਝ ਕਰਨ ਨੂੰ ਲੋੜੀਂਦਾ ਹੁੰਦਾ ਹੈ , ਜਿਸ ਨਾਲ ਸਮਾਜ ਦੇ ਹਰ ਵਰਗ ਦੀ ਸਹਾਇਤਾ ਕੀਤੀ ਜਾ ਸਕੇ ।ਵਰਨਣ ਯੋਕ ਹੈ ਕਿ ਬੀਬੀ ਹਰਪ੍ਰੀਤ ਕੌਰ ਤੇ ਪਰਿਵਾਰ ਨੇ ਜੱਦੀ ਪਿੰਡ ‘ ਬੁਤਾਲਾ’ ਅੰਮ੍ਰਿਤਸਰ ਵਿਖੇ 161 ਸਾਲ ਪੁਰਾਣੀ “ਸਰਕਾਰੀ ਹਾਇਰ ਸੈਕੰਡਰੀ ਸਕੂਲ “ਦੀ ਬਿਲਡਿੰਗ ਨੂੰ ਮੁੜ ਨਵੀਕਰਨ ਰੂਪ ਦੇਣ ਲਈ 2017 ਵਿੱਚ ਯਤਨ ਅਰੰਭੇ ਸਨ ।ਇਸ ਵਿੱਚ ਉਹਨਾਂ ਪਿੰਡ ਵਾਸੀਆਂ ਦਾ ਪੂਰਾ ਸਹਿਯੋਗ ਲਿਆ ਤੇ ਮਦਦ ਕੀਤੀ ।ਤਾਂਕਿ ਇਹ ਸਰਕਾਰੀ ਸਕੂਲ ਕਾਇਮ ਰਹੇ , ਅਤੇ ਹਰ ਸ਼੍ਰੇਣੀ ਦੇ ਬੱਚੇ , ਪੁਰਾਤਨ ਸਮੇਂ ਵਾਂਗ , ਬਿਨਾਂ ਕਿਸੇ ਅੜਚਨ ਦੇ ਵਿੱਦਿਆ ਹਾਸਲ ਕਰਦੇ ਰਹਿਣ ।ਸਾਰੇ ਸਮੇਂ ਤੇ ਨਵੀਂ ਬਣਤਰ ਵਿੱਚ ਪਿੰਡ ਵਾਸੀਆਂ ਵੱਲੋਂ ਇੱਕ ਪੂਰੀ ਚਾਹਤ ਨਾਲ ਇਹ ਕੰਮ

ਆਵਾਜ਼ਿ ਕੌਮ
AWAZE QAUM
International Newspaper & WEB TV

ਸਿਰੇ ਚੜਿਆ , ਅੱਜ ਇਹ ਬਿਲਡਿੰਗ ਇਕ ਸਮਾਰਟ ਸਕੂਲ ਦਾ ਰੂਪ ਬਣ ਚੁਕੀ ਹੈ ।ਸਕੂਲ ਪ੍ਰਬੰਧਕਾਂ ਵੱਲੋਂ ਜੋ ਵਿਦਿਆਰਥੀ ਚੰਗੇ 80/90 % ਨੰਬਰ ਲੈ ਕੇ ਪਾਸ ਹੁੰਦੇ ਹਨ , ਪਰ ਕੁਝ ਪਾਸ ਮਾਇਆ ਦੀ ਥੁੜ ਹੋਣ ਕਾਰਨ , ਉਹ ਅੱਗੇ ਨਹੀਂ ਪੜ੍ਹ ਸਕਦੇ ।ਬੀਬੀ ਹਰਪ੍ਰੀਤ ਤੇ ਪਰਿਵਾਰ ਸਕੂਲ ਦੇ ਇਸ ਸਕਾਲਰਸ਼ਿਪ-ਪ੍ਰਾਜੈਕਟ ਵਿਚ ਮਦਦਗਾਰ ਰਹੇ ਹਨ ਤਾਂ ਕਿ ਉਹ ਵਿਦਿਆਰਥੀ ਵੀ ਅਗੇਰੀ ਵਿੱਦਿਆ ਦੀ ਉਹ ਡਿਗਰੀ ਹਾਸਲ ਕਰ ਸਕਣ , ਜੋ ਉਹਨਾਂ ਦੇ ਜੀਵਨ ਵਿਚ ਸਹਾਈ ਹੋਵੇ ।ਸ੍ਰ ਪਰਮਿੰਦਰ ਸਿੰਘ ਨੇ ਬੋਲਦਿਆਂ ਆਏ ਰਿਸ਼ਤੇਦਾਰਾਂ, ਸੰਬੰਧੀਆਂ, ਸਿਖ ਸੰਗਤਾਂ , ਆਗੂਆਂ ਕੇ ਪ੍ਰਬੰਧਕਾਂ ਦਾ ਧੰਨਵਾਦ ਕੀਤਾ ।ਉਹਨਾਂ ਕਿਹਾ ਕਿ ਸਾਰਿਆਂ ਦੀ ਹਾਜ਼ਰੀ ਤੇ ਵਿਚਾਰਾਂ ਵਿਚ ਸਾਨੂੰ ਪਰਿਵਾਰਕ ਤੌਰ ਤੇ ਸ਼ਾਮਲ ਕਰਕੇ ਮਾਣ ਦਿੱਤਾ , ਸਾਡੇ ਘਾਟੇ ਨੂੰ ਪੂਰਾ ਕਰਨ ਤੇ ਭਾਣਾ ਮੰਨਣ ਲਈ ਸਤਿਗੁਰਾਂ ਅੱਗੇ ਅਰਦਾਸ ਕੀਤੀ ਹੈ ।ਅਸੀ ਸਮੂੰਹ ਸੰਗਤਾਂ ਦੇ ਸਦਾ ਲਈ ਰਿੰਣੀ ਰਹਾਂਗੇ ।ਇਸ ਮੈਕੇ ਸੰਗਤ ਵਿਚ ਹਾਜ਼ਰ ਮੁਖੀਆਂ ਵਿਚ , ਸਿੰਘ ਸਭਾ ਸਾਊਥਾਲ ਦੇ ਮੋਢੀ ਪ੍ਰਬੰਧਕ , ਅਕਾਲੀ ਦਲ ਯੂ ਕੇ ਦੇ ਆਗੂ ਸ੍ਰ ਅਮਰਜੀਤ ਸਿੰਘ ਢਿੱਲੋਂ , ਫੈਡਰੇਸ਼ਨ ਆਗੂ ਸ੍ਰ ਅਜੀਤ ਪਾਲ ਸਿੰਘ ਸਹੋਤਾ , ਅਜੀਤ ਸਿੰਘ ਗਾਖਲ, ਸੁਰਿੰਦਰ ਸਿੰਘ , ਅਮਰਜੀਤ ਸਿੰਘ ਬੈਂਸ , ਹਰਮੇਲ ਸਿੰਘ ਖ਼ਾਲਸਾ , ਮੱਖਣ ਸਿੰਘ ਇਰਾਨੀ ਬਰਮਿੰਘਮ , ਗੁਰਮੀਤ ਸਿੰਘ ਵੂਲਵਰਹੈਪਟਨ , ਬਲਦੇਵ ਸਿੰਘ ਦਿਉਲ ਵੂਲਵਰਹੈਪਟਨ ਸਨ। ••



### 'ਪ੍ਰਹਾਰ' ਸੁਰੱਖਿਆ ਪਰਿਪੇਖ —ਹੁਣ ਭਾਰਤ ਹਮਲੇ ਸਹਿਣ ਦੀ ਥਾਂ

# ਮੂੰਹ ਤੋੜ ਜਵਾਬ ਦੇਵੇਗਾ: ਪ੍ਰੋ. ਸਰਚਾਂਦ ਸਿੰਘ



**ਅੰਮ੍ਰਿਤਸਰ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ ਸ਼ੁਰੂ ਕੀਤੀ ਗਈ ਭਾਰਤ ਦੀ ਪਹਿਲੀ ਵਿਆਪਕ ਰਾਸ਼ਟਰੀ ਅੱਤਵਾਦ ਵਿਰੋਧੀ ਨੀਤੀ ਅਤੇ ਰਣਨੀਤੀ 'ਪ੍ਰਹਾਰ (PRAHAAR)' ਸਿਰਫ਼ ਇੱਕ ਸੁਰੱਖਿਆ ਰਣਨੀਤੀ ਨਹੀਂ, ਸਗੋਂ ਨਵੇਂ ਭਾਰਤ ਦੀ ਦ੍ਰਿੜ੍ਹ ਇੱਛਾ ਸ਼ਕਤੀ ਦਾ ਪ੍ਰਤੀਕ ਹੈ। ਇਹ ਸਪਸ਼ਟ ਸੰਦੇਸ਼ ਹੈ ਕਿ ਭਾਰਤ ਹੁਣ ਹਰ ਤਰ੍ਹਾਂ ਦੇ ਆਤੰਕਵਾਦ ਅਤੇ ਅੰਦਰੂਨੀ ਖ਼ਤਰਿਆਂ ਦਾ ਡਟ ਕੇ ਮੁਕਾਬਲਾ ਕਰਨ ਲਈ ਪੂਰੀ ਤਰ੍ਹਾਂ ਤਿਆਰ ਅਤੇ ਸਮਰੱਥ ਹੈ ਅਤੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਸੁਰੱਖਿਆ 'ਤੇ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ "ਪ੍ਰਹਾਰ" ਇੱਕ ਐਸਾ ਦ੍ਰਿੜ੍ਹ ਐਲਾਨ ਹੈ, ਜੋ ਇਹ ਸਪਸ਼ਟ ਕਰਦਾ ਹੈ ਕਿ ਹੁਣ ਭਾਰਤ ਹਮਲੇ ਨਹੀਂ ਸਹੇਗਾ, ਸਗੋਂ ਦੁਸ਼ਮਣ ਨੂੰ ਪਹਿਲਾਂ ਹੀ ਪ੍ਰਭਾਵਹੀਣ ਕਰਕੇ ਮੂੰਹਤੋੜ ਜਵਾਬ ਦੇਵੇਗਾ।

ਭਾਜਪਾ ਬੁਲਾਰੇ ਪ੍ਰੋ. ਖਿਆਲਾ ਨੇ ਕਿਹਾ ਕਿ 21ਵੀਂ ਸਦੀ ਵਿੱਚ ਆਤੰਕਵਾਦ ਦਾ ਰੂਪ ਬਹੁਤ ਤੇਜ਼ੀ ਨਾਲ ਬਦਲਿਆ ਹੈ। ਅੱਜ ਦਾ ਆਤੰਕਵਾਦ ਸਿਰਫ਼ ਸਰਹੱਦਾਂ ਤੱਕ ਸੀਮਿਤ ਨਹੀਂ ਰਿਹਾ, ਸਗੋਂ ਡਾਰਕ ਵੈੱਬ, ਐਨਕ੍ਰਿਪਟਿਡ ਕਮਿਊਨੀਕੇਸ਼ਨ, ਕ੍ਰਿਪਟੋਕਰੰਸੀ ਅਤੇ ਡਰੋਨ ਤਕਨਾਲੋਜੀ ਰਾਹੀਂ ਚੱਲਣ ਵਾਲਾ ਇੱਕ ਸੁਚਿੰਤਿਤ ਅਤੇ ਸੁਸੰਗਠਿਤ ਜਾਲ ਬਣ ਚੁੱਕਾ ਹੈ। ਇਹ ਸਿਰਫ਼ ਕੁਝ ਬਿਖਰੇ ਹੋਏ ਤੱਤਾਂ ਦੀ ਕਾਰਵਾਈ ਨਹੀਂ, ਸਗੋਂ "ਰਾਜਨੀਤਿਕ ਹਥਿਆਰ" ਦੇ ਰੂਪ 'ਚ ਰਾਜ-ਪ੍ਰੋਤਸਾਹਿਤ "ਸ਼ੈਡੋ ਕੰਫਲਿਕਟ" ਅਤੇ ਪ੍ਰਾਕਸੀ ਜੰਗ ਦਾ ਨਵਾਂ ਰੂਪ ਹੈ।

ਉਨ੍ਹਾਂ ਕਿਹਾ ਕਿ ਪਾਕਿਸਤਾਨ ਵੱਲੋਂ ਪ੍ਰੋਤਸਾਹਿਤ ਨੈੱਟਵਰਕ ਹੁਣ "ਨਾਰਕੋ-ਟੈਰਰਿਜ਼ਮ" ਰਾਹੀਂ ਭਾਰਤ ਨੂੰ ਨਿਸ਼ਾਨਾ ਬਣਾ ਰਹੇ ਹਨ। ਨਸ਼ਾ ਤਸਕਰੀ ਦੇ ਰਸਤੇ ਹੁਣ ਹਥਿਆਰਾਂ ਅਤੇ ਜਾਲੀ ਕਰੰਸੀ ਦੀ ਸਪਲਾਈ ਲਈ ਵਰਤੇ ਜਾ ਰਹੇ ਹਨ। ਡਰੋਨਾਂ ਰਾਹੀਂ ਸਰਹੱਦਾਂ ਪਾਰ ਨਸ਼ਾ ਅਤੇ ਹਥਿਆਰ ਭੇਜਣ ਦੀਆਂ ਕੋਸ਼ਿਸ਼ਾਂ ਦੇਸ਼ ਦੀ ਅੰਦਰੂਨੀ ਸੁਰੱਖਿਆ ਲਈ ਗੰਭੀਰ ਚੁਣੌਤੀ ਬਣ ਚੁੱਕੀਆਂ ਹਨ। ਇਹ ਖ਼ਤਰਾ ਹੁਣ ਧਰਤੀ, ਆਕਾਸ਼ ਅਤੇ ਜਲ—ਤਿੰਨਾਂ ਮੋਰਚਿਆਂ 'ਤੇ ਫੈਲ ਚੁੱਕਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਇਸ ਬਦਲਦੇ ਖ਼ਤਰੇ ਦੇ ਮੱਦੇਨਜ਼ਰ ਭਾਰਤ ਸਰਕਾਰ ਵੱਲੋਂ ਲਾਗੂ ਕੀਤਾ ਗਿਆ 'ਪ੍ਰਹਾਰ' ਸੁਰੱਖਿਆ ਪਰਿਪੇਖ ਇੱਕ ਇਤਿਹਾਸਕ ਅਤੇ ਦੂਰਦਰਸ਼ੀ ਕਦਮ ਹੈ, ਜੋ ਭਾਰਤ ਦੀ ਸੁਰੱਖਿਆ ਰਣਨੀਤੀ ਨੂੰ "ਪ੍ਰਤੀਕਿਰਿਆਤਮਕ" ਤੋਂ "ਪ੍ਰੋਐਕਟਿਵ" ਬਣਾਉਂਦਾ ਹੈ। ਹੁਣ ਸੁਰੱਖਿਆ ਏਜੰਸੀਆਂ ਹਮਲੇ ਦੀ ਉਡੀਕ ਨਹੀਂ ਕਰਨਗੀਆਂ, ਸਗੋਂ ਖ਼ਤਰੇ ਨੂੰ ਪਹਿਲਾਂ ਹੀ ਪਛਾਣ ਕੇ ਨਾਕਾਮ ਕਰਨ 'ਤੇ ਕੇਂਦ੍ਰਿਤ ਰਹਿਣਗੀਆਂ।

ਉਨ੍ਹਾਂ ਦੱਸਿਆ ਕਿ ਕੇਂਦਰੀ ਅਤੇ ਰਾਜ ਏਜੰਸੀਆਂ ਵਿਚਕਾਰ ਅਸਲ ਸਮੇਂ ਵਿੱਚ ਖ਼ੁਫ਼ੀਆ ਜਾਣਕਾਰੀ ਸਾਂਝੀ ਕਰਨ ਲਈ ਇੰਟੈਲੀਜੈਂਸ ਬਿਊਰੋ ਦੇ ਅਧੀਨ ਮਲਟੀ ਏਜੰਸੀ ਸੈਂਟਰ ($13) ਅਤੇ ਜੁਆਇੰਟ ਟਾਸਕ ਫੋਰਸ ਆਨ ਇੰਟੈਲੀਜੈਂਸ (•"69) ਦੀ ਭੂਮਿਕਾ ਮਹੱਤਵਪੂਰਨ ਹੈ। ਇਹ ਇੰਟੈਲੀਜੈਂਸ-ਅਗਵਾਈ ਵਾਲਾ ਮਾਡਲ ਸਲੀਪਰ ਸੈੱਲਾਂ ਨੂੰ ਤੋੜਨ ਅਤੇ ਆਤੰਕਵਾਦੀ ਫੰਡਿੰਗ ਦੇ ਸਰੋਤਾਂ ਨੂੰ ਖਤਮ ਕਰਨ ਵਿੱਚ ਨਿਰਣਾਇਕ ਸਾਬਤ ਹੋਵੇਗਾ।

ਪ੍ਰੋ. ਖਿਆਲਾ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਨੀਤੀ ਸਿਰਫ਼ ਸਖ਼ਤੀ ਤੱਕ ਸੀਮਿਤ ਨਹੀਂ, ਸਗੋਂ ਮਨੁੱਖਤਾ ਅਤੇ ਸੰਵਿਧਾਨਕ ਮੁੱਲਾਂ ਦਾ ਵੀ ਸਤਿਕਾਰ ਕਰਦੀ ਹੈ। ਭਟਕੇ ਹੋਏ ਨੌਜਵਾਨਾਂ ਲਈ ਡੀ-ਰੈਡੀਕਲਾਈਜ਼ੇਸ਼ਨ ਅਤੇ ਪੁਨਰਵਾਸ ਦੇ ਮੌਕੇ ਪ੍ਰਦਾਨ ਕਰਕੇ ਉਨ੍ਹਾਂ ਨੂੰ ਮੁੱਖ ਧਾਰਾ ਵਿੱਚ ਵਾਪਸ ਲਿਆਂਦਾ ਜਾਵੇਗਾ। ਉਨ੍ਹਾਂ ਕਿਹਾ ਕਿ ਹਰ ਨੌਜਵਾਨ ਨੂੰ ਦੁਸ਼ਮਣ ਨਹੀਂ ਸਮਝਿਆ ਜਾ ਸਕਦਾ, ਸਗੋਂ ਜਿਹੜੇ ਭਟਕ ਗਏ ਹਨ, ਉਨ੍ਹਾਂ ਨੂੰ ਸਹੀ ਦਿਸ਼ਾ ਦੇਣਾ ਵੀ ਰਾਜ ਦੀ ਜ਼ਿੰਮੇਵਾਰੀ ਹੈ।

ਉਨ੍ਹਾਂ ਕਿਹਾ ਕਿ ਸੁਰੱਖਿਆ ਦੀ ਲੜਾਈ ਸਿਰਫ਼ ਮੈਦਾਨ ਵਿੱਚ ਨਹੀਂ, ਸਗੋਂ ਅਦਾਲਤਾਂ ਵਿੱਚ ਵੀ ਜਿੱਤੀ ਜਾਂਦੀ ਹੈ। ਇਸ ਲਈ ਜਾਂਚ ਪ੍ਰਣਾਲੀ ਨੂੰ ਮਜ਼ਬੂਤ ਕਰਨਾ ਅਤੇ ਕਾਨੂੰਨੀ ਮਾਹਿਰਾਂ ਨੂੰ ਸ਼ੁਰੂ ਤੋਂ ਜਾਂਚ ਟੀਮਾਂ ਨਾਲ ਜੋੜਨਾ ਬਹੁਤ ਜ਼ਰੂਰੀ ਹੈ, ਤਾਂ ਜੋ ਦੋਸ਼ੀਆਂ ਨੂੰ ਸਜ਼ਾ ਮਿਲੇ ਅਤੇ ਨਿਆਂ ਪ੍ਰਣਾਲੀ 'ਤੇ ਲੋਕਾਂ ਦਾ ਵਿਸ਼ਵਾਸ ਕਾਇਮ ਰਹੇ।

ਉਨ੍ਹਾਂ ਕਿਹਾ ਕਿ 'ਪ੍ਰਹਾਰ' ਰਾਹੀਂ ਇੰਟੈਲੀਜੈਂਸ, ਪੁਲਿਸ ਅਤੇ ਨਿਆਂ ਪ੍ਰਣਾਲੀ ਦੇ ਮਜ਼ਬੂਤ ਸਹਿਯੋਗ ਨਾਲ ਦੇਸ਼ ਲਈ ਇੱਕ ਅਟੁੱਟ ਸੁਰੱਖਿਆ ਕਵਚ ਤਿਆਰ ਹੈ। ਇਸ ਦੀ ਰਣਨੀਤਿਕ ਅਸਪਸ਼ਟਤਾ ਦੁਸ਼ਮਣਾਂ ਨੂੰ ਹਮੇਸ਼ਾਂ ਅਣਸੁਚੇਤ ਰੱਖੇਗੀ ਅਤੇ ਭਾਰਤ ਨੂੰ ਇੱਕ ਸੁਰੱਖਿਅਤ, ਖੁਸ਼ਹਾਲ ਅਤੇ ਆਤੰਕਵਾਦ ਮੁਕਤ ਭਵਿੱਖ ਵੱਲ ਲੈ ਕੇ ਜਾਵੇਗੀ।

ਅੰਤ ਵਿੱਚ ਉਨ੍ਹਾਂ ਕਿਹਾ ਕਿ ਭਾਰਤ ਬਦਲ ਚੁੱਕਾ ਹੈ। ਇਹ ਉਹ ਭਾਰਤ ਹੈ ਜੋ ਸ਼ਾਂਤੀ ਚਾਹੁੰਦਾ ਹੈ, ਪਰ ਕਮਜ਼ੋਰੀ ਨਹੀਂ।

ਇਹ ਉਹ ਭਾਰਤ ਹੈ ਜੋ ਸੰਵਿਧਾਨ 'ਤੇ ਚੱਲਦਾ ਹੈ, ਪਰ ਸੁਰੱਖਿਆ 'ਤੇ ਕੋਈ ਸਮਝੌਤਾ ਨਹੀਂ ਕਰਦਾ।ਇਹ ਉਹ ਭਾਰਤ ਹੈ ਜੋ ਨੌਜਵਾਨਾਂ ਨੂੰ ਗਲੇ ਲਗਾਉਂਦਾ ਹੈ, ਪਰ ਦੇਸ਼ ਦੇ ਦੁਸ਼ਮਣਾਂ ਨੂੰ ਕਦੇ ਬਖ਼ਸ਼ਦਾ ਨਹੀਂ।

### ਸਾਬਕਾ ਉਪ ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਪਹੁੰਚੇ ਜੀਤਮਹਿੰਦਰ ਸਿੰਘ ਸਿੱਧੂ ਦੇ ਗ੍ਰਹਿ

# ਪੰਜਾਬ ਦੇ ਮੌਜੂਦਾ ਹਾਲਾਤ 'ਤੇ ਕੀਤੀ ਚਰਚਾ



ਤਲਵੰਡੀ ਸਾਬੋ 8 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਅਤੇ ਗੁਰਦਾਸਪੁਰ ਤੋਂ ਲੋਕ ਸਭਾ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ, ਵਿਧਾਇਕ ਵਰਿੰਦਰ ਸਿੰਘ ਪਾਹੜਾ ਅਤੇ ਜਿਲਾ ਕਾਂਗਰਸ ਕਮੇਟੀ ਬਠਿੰਡਾ ਸ਼ਹਿਰ ਦਿਹਾਤੀ ਦੇ ਪ੍ਰਧਾਨ ਪ੍ਰੀਤਮ ਸਿੰਘ ਕੋਟਭਾਈ ਅੱਜ ਕਾਂਗਰਸ ਦੇ ਸੀਨੀਅਰ ਆਗੂ ਜੀਤ ਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਦੀ ਬਠਿੰਡਾ ਸਥਿਤ ਰਿਹਾਇਸ਼ ਵਿਖੇ ਪਹੁੰਚੇ ਅਤੇ ਪੰਜਾਬ ਦੇ ਮੌਜੂਦਾ ਹਾਲਾਤ ਤੇ ਵਿਚਾਰ ਚਰਚਾ ਕੀਤੀ ਗਈ ਇਸ ਮੌਕੇ ਸਮੁੱਚੀ ਕਾਂਗਰਸ ਲੀਡਰਸ਼ਿਪ ਨੇ ਚਾਹ ਦਾ ਕੱਪ ਸਾਂਝਾ ਕਰਦਿਆਂ ਪੰਜਾਬ ਦੇ ਹਾਲਾਤ ਤੇ ਚਿੰਤਾ ਜਾਹਿਰ ਕਰਦੇ ਹੋਏ ਪੰਜਾਬ ਦੀ ਮਾਣ ਸਰਕਾਰ ਨੂੰ ਹਰ ਫਰੰਟ ਤੇ ਫੇਲ ਕਰਾਰ ਦਿੱਤਾ। ਜੀਤਮਹਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਅੱਜ ਸਾਬਕਾ ਜੇਲ ਮੰਤਰੀ ਅਤੇ ਲੋਕ ਸਭਾ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਸਮੁੱਚੀ ਲੀਡਰਸ਼ਿਪ ਨਾਲ ਉਹਨਾਂ ਦੇ ਗ੍ਰਹਿ ਵਿਖੇ ਆਏ ਸਨ। ਜਿੱਥੇ ਉਹਨਾਂ ਨਾਲ ਪੰਜਾਬ ਦੇ ਹਾਲਾਤ ਤੇ ਚਰਚਾ ਕੀਤੀ ਗਈ ਉੱਥੇ ਹੀ ਲੋਕ ਸਭਾ ਹਲਕਾ ਬਠਿੰਡਾ ਵਿੱਚ ਆਉਂਦੀਆਂ ਵਿਧਾਨ ਸਭਾ ਚੋਣਾਂ ਵਿੱਚ ਸਾਰੀਆਂ ਸੀਟਾਂ ਤੇ ਜਿੱਤ ਪ੍ਰਾਪਤ ਕਰਨ ਅਤੇ ਕਾਂਗਰਸ ਨੂੰ ਮਜਬੂਤ ਬਣਾਉਣ ਤੇ ਵੀ ਚਰਚਾ ਕੀਤੀ ਗਈ। ਇਸ ਮੌਕੇ ਸੁਖਜਿੰਦਰ ਸਿੰਘ ਰੰਧਾਵਾ ਨੇ ਵਿਸ਼ੇਸ਼ ਗੱਲਬਾਤ ਦੌਰਾਨ ਕਿਹਾ ਕਿ ਕਾਂਗਰਸ ਪਾਰਟੀ ਪੰਜਾਬ ਅਤੇ ਦੇਸ਼ ਦੇ ਹਿੱਤ ਵਿੱਚ ਹਮੇਸ਼ਾ ਲੋਕ ਮੁੱਦਿਆਂ ਦੀ ਗੱਲ ਕਰਦੀ ਆਈ ਹੈ ਪਰ ਜਿੱਥੇ ਦੇਸ਼ ਦੀ ਮੋਦੀ ਸਰਕਾਰ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਦੀ ਅਗਵਾਈ ਵਿੱਚ ਵਿਰੋਧੀਆਂ ਦੀ ਆਵਾਜ਼ ਨੂੰ ਤਾਰਪੀਡੋ ਕਰਨ ਲਈ ਸਾਜਿਸ਼ਾਂ ਕਰ ਰਹੀ ਹੈ ਉੱਥੇ ਹੀ ਪੰਜਾਬ ਦੀ ਮਾਨ ਸਰਕਾਰ ਵੀ ਵਿਰੋਧੀਆਂ ਤੇ ਵਿਵਾਦਿਤ ਅਤੇ ਬੇਤੁਕੀਆਂ ਟਿੱਪਣੀਆਂ ਕਰਨ ਨੂੰ ਹੀ ਸਰਕਾਰ ਚਲਾਉਣਾ ਸਮਝਦੇ ਹਨ ਉਹਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਕਾਰਗੁਜ਼ਾਰੀ ਨਿੰਦਣਯੋਗ ਹੈ ਕਿਉਂਕਿ ਉਹਨਾਂ ਨੇ ਕਦੇ ਵੀ ਪੰਜਾਬ ਦੇ ਲੋਕਾਂ ਦੇ ਦਰਦ ਨੂੰ ਸਮਝਣ ਦੀ ਕੋਸ਼ਿਸ਼ ਨਹੀਂ ਕੀਤੀ ਬਲਕਿ ਵਿਰੋਧੀਆਂ ਖਿਲਾਫ ਬੇਤੁਕੀ ਬਿਆਨਬਾਜ਼ੀ ਨੂੰ ਹੀ ਪਹਿਲ ਦਿੱਤੀ ਜਦੋਂ ਕਿ ਪੰਜਾਬ ਦੇ ਹਾਲਾਤ ਸਰਕਾਰ ਦੇ ਹੱਥੋਂ ਨਿਕਲ ਚੁੱਕੇ ਹਨ ਅਮਨ ਕਾਨੂੰਨ ਦੀ ਸਥਿਤੀ ਦਾ ਬੁਰਾ ਹਾਲ ਹੈ ਗੜੇਮਾਰੀ ਨਾਲ ਫਸਲਾਂ ਦਾ ਭਾਰੀ ਨੁਕਸਾਨ ਹੋਇਆ ਹੈ। ਇਸ ਮੌਕੇ ਸਮੁੱਚੀ ਕਾਂਗਰਸ ਲੀਡਰਸ਼ਿਪ ਦੇ ਆਗੂਆਂ ਨੇ ਪੰਜਾਬ ਸਰਕਾਰ ਤੋਂ ਗੜੇ ਮਾਰੀ ਨਾਲ ਨੁਕਸਾਨੀਆਂ ਫਸਲਾਂ ਲਈ 50 ਹਜਾਰ ਰੁਪਏ ਪ੍ਰਤੀ ਏਕੜ ਮੁਆਵਜੇ ਦੀ ਮੰਗ ਕੀਤੀ ਅਤੇ ਇਹ ਵੀ ਕਿਹਾ ਕਿ ਜੇਕਰ ਸਰਕਾਰ ਨੇ ਮਾੜੇ ਦੌਰ ਵਿੱਚ ਗੁਜਰ ਰਹੇ ਕਿਸਾਨਾਂ ਦੀ ਬਾਂਹ ਨਾ ਫੜੀ ਤਾਂ ਕਾਂਗਰਸ ਪਾਰਟੀ ਸੜਕਾਂ ਤੇ ਆਉਣ ਲਈ ਮਜਬੂਰ ਹੋਵੇਗੀ ਇਸ ਮੌਕੇ ਜੀਤਮਹਿੰਦਰ ਸਿੰਘ ਸਿੱਧੂ ਨੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਵਾਇਆ ਕਿ ਆਉਂਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਦੀ ਸਰਕਾਰ ਬਣਾਉਣ ਲਈ ਉਹ ਦਿਨ ਰਾਤ ਮਿਹਨਤ ਕਰਨ ਲਈ ਵਚਨਬੱਧ ਹਨ।ਇਸ ਮੌਕੇ ਹਲਕਾ ਤਲਵੰਡੀ ਸਾਬੋ ਅਤੇ ਮੌੜ ਤੋਂ ਵੱਡੀ ਗਿਣਤੀ ਕਾਂਗਰਸੀ ਵਰਕਰ ਵੀ ਮੌਜੂਦ ਨਜ਼ਰ ਆਏ।

**ਲੋਕ ਸਭਾ ਹਲਕਾ ਬਠਿੰਡਾ ਵਿੱਚ ਕਾਂਗਰਸ ਪਾਰਟੀ ਨੂੰ ਮਜਬੂਤ ਬਣਾਉਣ ਲਈ ਸਮੁੱਚੀ ਲੀਡਰਸ਼ਿਪ ਕਰ ਰਹੀ ਮਿਹਨਤ- ਜੀਤਮਹਿੰਦਰ ਸਿੰਘ ਸਿੱਧੂ**

# ਸ੍ਰੀ ਗੁਰੂ ਰਾਮਦਾਸ ਸਾਹਿਬ ਸੇਵਾ ਸੁਸਾਇਟੀ ਦੇ ਖਜਾਨਚੀ ਸੁਖਵਿੰਦਰ ਸਿੰਘ ਦੀ ਚੌਥੀ ਬਰਸੀ ਮੌਕੇ ਗੁਰਮਤਿ ਸਮਾਗਮ ਕਰਵਾਇਆ ਗਿਆ







**ਜੰਡਿਆਲਾ ਗੁਰੂ, 8 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੁਸਾਇਟੀ ਰਜਿ.ਪਿੰਡ ਵਡਾਲੀ ਡੋਗਰਾਂ ਬਲਾਕ ਜੰਡਿਆਲਾ ਗੁਰੂ ਜ਼ਿਲ੍ਹਾ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸੇਵਾ ਸੋਸਾਇਟੀ ਦੇ ਖ਼ਜ਼ਾਨਚੀ ਸ੍ ਸੁਖਵਿੰਦਰ ਸਿੰਘ ਜੁਝਾਰੂ ਸੇਵਾਦਾਰ ਵੱਲੋਂ ਆਪਣੇ ਜੀਵਨ ਕਾਲ ਦੌਰਾਨ ਸੁਸਾਇਟੀ ਦੀਆਂ ਚਲਦੀਆਂ ਸੇਵਾਵਾਂ ਵਿੱਚ ਵੱਧ ਚੜ੍ਹ ਕਿ ਯੋਗਦਾਨ ਪਾਇਆ ਜਾਂਦਾ ਸੀ ਇਨਾਂ ਗੱਲਾਂ ਦਾ ਪ੍ਰਗਟਾਵਾ ਸੁਖਵਿੰਦਰ ਸਿੰਘ ਦੀ ਚੌਥੀ ਬਰਸੀ ਮੌਕੇ ਸੁਸਾਇਟੀ ਦੇ ਪ੍ਰਧਾਨ ਭਾਈ ਸਾਹਿਬ ਸਿੰਘ ਸੰਧੂ ਨੇ ਕੀਤਾ ਅਤੇ ਅੱਗੇ ਉਨਾਂ ਦੱਸਿਆ ਕਿ ਸੁਖਵਿੰਦਰ ਸਿੰਘ ਬਹੁਤ ਮਿਹਨਤੀ ਇਨਸਾਨ ਸਨ ਅਤੇ ਮਿਹਨਤ ਦੇ ਨਾਲ ਨਾਲ ਹੀ ਸੇਵਾ ਸੋਸਾਇਟੀ ਦੀ ਸੇਵਾਵਾਂ ਨਗਰ ਕੀਰਤਨ, ਪ੍ਰਭਾਤ ਫੇਰੀਆਂ, ਗੁਰਮਤਿ ਸਮਾਗਮ, ਹੋਲਾ ਮਹੱਲਾ ਅਤੇ ਸਲਾਨਾ ਗ੍ਰੰਥੀ ਸਿੰਘਾਂ ਦੇ ਸਨਮਾਨ ਲਈ ਵਿਸ਼ੇਸ਼ ਸਮਾਗਮਾਂ ਲਈ ਵੱਧ ਤੋਂ ਵੱਧ ਯੋਗਦਾਨ ਪਾਉਂਦੇ ਸਨ ਅਤੇ ਅੱਜ ਉਨਾਂ ਦੀ ਚੌਥੀ ਬਰਸੀ ਸਮਾਗਮ ਉਨਾਂ ਦੇ ਗ੍ਰਹਿ ਵਿਖੇ ਕਰਵਾਇਆ ਗਿਆ ਖਜਾਨਚੀ ਸੁਖਵਿੰਦਰ ਸਿੰਘ ਅਕਾਲ ਪੁਰਖ ਵੱਲੋਂ ਮਿਲੀ ਸਵਾਸਾਂ ਦੀ ਪੂੰਜੀ ਨੂੰ ਭੋਗਦਿਆਂ ਹੋਇਆ 7 ਅਪ੍ਰੈਲ 2022 ਨੂੰ ਪਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ ਅਤੇ ਸੁਖਵਿੰਦਰ ਸਿੰਘ ਦੀਆਂ ਸੇਵਾਵਾਂ ਨੂੰ ਵੇਖਦਿਆਂ ਹੋਇਆ ਉਹਨਾਂ ਦੇ ਬੇਟੇ ਦਵਿੰਦਰਪਾਲ ਸਿੰਘ ਗੋਰਾ ਨੂੰ ਸੁਸਾਇਟੀ ਦੇ ਖਜਾਨਚੀ ਥਾਪਿਆ ਗਿਆ ਸੀ ਅਤੇ ਅੱਜ ਬਰਸੀ ਤੇ ਸੁਸਾਇਟੀ ਦੇ ਸੇਵਾਦਾਰਾਂ ਵੱਲੋਂ ਤਿੰਨ ਰੋਜ ਤੋਂ ਆਰੰਭ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਸਵਿੰਦਰ ਸਿੰਘ ਜੀ ਵਲੋਂ ਧੁਰ ਕੀ ਬਾਣੀ ਇਲਾਹੀ ਬਾਣੀ ਦਾ ਹਰਜੱਸ ਕੀਰਤਨ ਕੀਤਾ ਗਿਆ ਅਤੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਅਤੇ ਖਜਾਨਚੀ ਸੁਖਵਿੰਦਰ ਸਿੰਘ ਵੱਲੋਂ ਆਪਣੇ ਜੀਵਨ ਕਾਲ ਦੌਰਾਨ ਕੀਤੇ ਗਏ ਕੰਮਾਂ ਦੀ ਸ਼ਲਾਘਾ ਕੀਤੀ ਅਤੇ ਇਸ ਮੌਕੇ ਪਰਿਵਾਰ ਨੇ ਕਿਹਾ ਕਿ ਸੇਵਾ ਸੁਸਾਇਟੀ ਦੀਆਂ ਚਲਦੀਆਂ ਸੇਵਾਵਾਂ ਵਿੱਚ ਹਰ ਤਰ੍ਹਾਂ ਦਾ ਯੋਗਦਾਨ ਪਾਉਂਦੇ ਰਹਿਣਗੇ ! ਸਮਾਪਤੀ ਮੌਕੇ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਬਰਸੀ ਨੂੰ ਸਮਰਪਿਤ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ ਅਤੇ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਗਏ ! ਇਸ ਮੌਕੇ ਤੇ ਸੋਸਾਇਟੀ ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਸੰਧੂ, ਮੀਤ ਪ੍ਰਧਾਨ ਤੇ ਸਰਪੰਚ ਸੰਦੀਪ ਸਿੰਘ ਮੌਜੀ ਪਿੰਡ ਵਡਾਲੀ ਡੋਗਰਾ, ਗੁਰਵਿੰਦਰ ਸਿੰਘ ਡਾਇਮੰਡ ਕਲੋਨੀ,ਬਿਪਨਦੀਪ ਸਿੰਘ ਅੰਮ੍ਰਿਤਸਰ, ਕਰਨਬੀਰ ਸਿੰਘ, ਸੰਦੀਪ ਸਿੰਘ, ਹਰਦੀਪ ਸਿੰਘ ਹੈਪੀ, ਅਰਸ਼ਦੀਪ ਸਿੰਘ, ਜਸਕਰਨ ਸਿੰਘ, ਚਰਨਜੀਤ ਸਿੰਘ ਰਈਆ, ਬਲਜਿੰਦਰ ਸਿੰਘ ਲਾਡੀ, ਸੁਖਮਨ ਸਿੰਘ, ਜਗਜੀਤ ਸਿੰਘ, ਪਲਵਿੰਦਰ ਸਿੰਘ ਬਿਆਸ, ਪਰਗਟ ਸਿੰਘ, ਗ੍ਰੰਥੀ ਭੁਪਿੰਦਰ ਸਿੰਘ, ਜਸ਼ਨਪ੍ਰੀਤ ਸਿੰਘ ਵਿਦਿਆਰਥੀ ਗੁਰਮਤਿ ਸਟੱਡੀ ਸੈਂਟਰ ਖਾਲਸਾ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਸਾਹਿਬ , ਗੁਰਸੇਵਕ ਸਿੰਘ, ਦਲਜੀਤ ਸਿੰਘ, ਜਸਬੀਰ ਸਿੰਘ ਪੰਚਾਇਤ ਮੈਂਬਰ, ਗੁਰਮੇਜ ਸਿੰਘ, ਗੁਰਪ੍ਰੀਤ ਸਿੰਘ, ਜਰਨਲ ਸਕੱਤਰ ਜੋਬਨਬੀਰ ਸਿੰਘ ਵਡਾਲੀ , ਦਰਸ਼ਨ ਸਿੰਘ ਫੌਜੀ, ਕਸ਼ਮੀਰ ਸਿੰਘ ਕਲੋਨੀ, ਸੁਰਿੰਦਰਪਾਲ ਸਿੰਘ, ਸਲਾਹਕਾਰ ਹੀਰਾ ਸਿੰਘ, ਭੁਪਿੰਦਰ ਸਿੰਘ, ਮਨਜਿੰਦਰ ਸਿੰਘ, ਬੀਬੀ ਪਰਮਜੀਤ ਕੌਰ ,ਪਲਵਿੰਦਰ ਕੌਰ, ਗੁਰਮੀਤ ਕੌਰ, ਜਸਵਿੰਦਰ ਕੌਰ, ਰਾਜਵਿੰਦਰ ਕੌਰ, ਨਵਨੀਤ ਕੌਰ, ਪਰਮਜੀਤ ਕੌਰ ਸਰਬਜੀਤ ਕੌਰ, ਆਦਿ ਭਾਰੀ ਗਿਣਤੀ ਚ ਸੰਗਤਾਂ ਹਾਜ਼ਰ ਸਨ।

# ਮੋਦੀ ਸਰਕਾਰ ਦੀਆਂ ਨੀਤੀਆਂ ਤੋਂ ਖੁਸ਼ ਲੋਕ ਆਪ ਮੁਹਾਰੇ ਪਾਰਟੀ 'ਚ ਸਾਮਿਲ ਹੋ ਰਹੇ ਹਨ-ਸਿੱਧੂ



ਧੂਰੀ ( ਰਣਜੀਤ ਸਿੰਘ ਪੇਧਨੀ ) ਕੇਂਦਰ ਦੀ ਮੋਦੀ ਸਰਕਾਰ ਨੇ ਦੇਸ਼ ਦੀ ਜਨਤਾ ਲਈ ਪੈਟਰੋਲ ਤੇ ਐਕਸਾਈਜ਼ ਡਿਊਟੀ ਨੂੰ 13 ਰੁਪਏ ਤੋਂ ਘਟਾ ਕੇ 3 ਰੁਪਏ ਅਤੇ ਡੀਜ਼ਲ ਤੇ 10 ਰੁਪਏ ਤੋਂ ਘਟਾ ਕੇ ਜ਼ੀਰੋ ਕਰ ਦਿੱਤਾ ਹੈ। ਇਸ ਕਟੌਤੀ ਦਾ ਲਾਭ ਸਿੱਧੇ ਤੋਰ ਤੇ ਖਪਤਕਾਰਾਂ, ਟਰਾਂਸਪੋਰਟਰਾਂ ਅਤੇ ਆਮ ਕਿਸਾਨਾਂ ਨੂੰ ਮਿਲਣਾ ਚਾਹੀਦਾ ਹੈ, ਪਰ ਪੰਜਾਬ ਚ ਚੈਟ ਦੀਆਂ ਦਰਾਂ ਪੂਰੇ ਦੇਸ਼ ਚ ਸਭ ਤੋਂ ਵੱਧ ਸ਼੍ਰੇਣੀਆਂ ਚ ਆਉਂਦੀਆਂ ਹਨ ,ਜਿਸ ਕਾਰਨ ਤੇਲ ਦੀਆਂ ਕੀਮਤਾਂ ਅਜੇ ਵੀ ਅਸਮਾਨ ਛੂਹ ਰਹੀਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ, ਧੂਰੀ ਹਲਕੇ ਦੇ ਹਰਮਨ ਪਿਆਰੇ ਅਤੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਨੇ ਵੱਡੀ ਗਿਣਤੀ ਵਿੱਚ ਪਿੰਡ ਬੁਗਰਾ ਤੋਂ ਵੱਖ-ਵੱਖ ਪਾਰਟੀਆਂ ਛੱਡ ਕੇ ਬੀਜੇਪੀ ਵਿੱਚ ਸ਼ਾਮਿਲ ਕਰਾਉਣ ਸਮੇਂ ਕੀਤਾ। ਉਨ੍ਹਾਂ ਕਿਹਾ ਕਿ ਜੇਕਰ ਮੁੱਖ ਮੰਤਰੀ ਮਾਨ ਦੀ ਸਰਕਾਰ ਸੱਚਮੁੱਚ ਲੋਕ ਹਿੱਤ ਦਾ ਦਾਅਵਾ ਕਰਦੀ ਹੈ, ਤਾਂ ਉਸ ਨੂੰ ਤੁਰੰਤ ਤੇਲ ਦੀਆਂ ਕੀਮਤਾਂ 'ਚ ਕਟੌਤੀ ਕਰ ਕੇ ਮਹਿੰਗਾਈ ਤੇ ਕਾਬੂ ਪਾਉਣਾ ਚਾਹੀਦਾ ਹੈ ਜੇਕਰ ਸਰਕਾਰ ਅਜਿਹਾ ਕਰਨ ਵਿਚ ਨਾਕਾਮ ਰਹਿੰਦੀ ਹੈ,ਤਾਂ ਭਾਜਪਾ ਸੜਕਾਂ ਤੇ ਉਤਰ ਕੇ ਜਨਤਾ ਦੀ ਆਵਾਜ਼ ਉਠਾਏਗਾ ਅਤੇ ਸਰਕਾਰ ਨੂੰ ਜਵਾਬ ਦੇਹ ਠਹਿਰਾਏਗਾ।

ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਵੱਲੋਂ ਪਿੰਡ ਠੱਠੀਆਂ, ਫਤਿਹਪੁਰ ਰਾਜਪੂਤਾਂ, ਨਾਜੋਵਾਲੀ, ਛੀਨਾਂ ਪੱਤੀ ਅਤੇ ਖਾਨਕੋਟ ਵਿਖੇ

# ਸੜਕਾਂ ਦੀ ਸਪੈਸ਼ਲ ਰਿਪੇਅਰ ਦੇ ਕੰਮ ਦਾ ਕੀਤਾ ਉਦਘਾਟਨ



**ਜੰਡਿਆਲਾ ਗੁਰੂ, 8 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**—ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਤੇ ਲੋਕ ਨਿਰਮਾਣ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ. ਨੇ ਜੰਡਿਆਲਾ ਹਲਕੇ ਦੇ ਪਿੰਡ ਠੱਠੀਆਂ, ਫਤਿਹਪੁਰ ਰਾਜਪੂਤਾਂ, ਨਾਜੋਵਾਲੀ, ਛੀਨਾਂ ਪੱਤੀ ਅਤੇ ਖਾਨਕੋਟ (ਹਲਕਾ ਜੰਡਿਆਲਾ ਗੁਰੂ) ਵਿਖੇ ਲੋਕਾਂ ਨਾਲ ਸਿੱਧਾ ਸੰਵਾਦ ਕੀਤਾ ਅਤੇ ਸਰਕਾਰ ਵਲੋਂ ਕੀਤੇ ਗਏ ਵਿਕਾਸ ਕਾਰਜਾਂ ਅਤੇ ਚਾਰ ਸਾਲ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਕੈਬਨਿਟ ਮੰਤਰੀ ਸਰਦਾਰ ਈਟੀਓ ਵੱਲੋਂ ਪਿੰਡ ਠਠੀਆਂ ਤੇ ਸੁੱਖੇਵਾਲ ਵਾਲੀ ਸੜਕ ਦੀ ਸਪੈਸ਼ਲ ਰੀਪੇਅਰ ਦੇ ਕੰਮ ਦਾ ਉਦਘਾਟਨ ਕੀਤਾ ਗਿਆ ,ਜਿਸ ਤੇ 27.88 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਜਾਵੇਗੀ ਅਤੇ ਇਸ ਸੜਕ ਦੀ ਕੁੱਲ ਲੰਬਾਈ 1.45 ਕਿਲੋਮੀਟਰ ਹੋਵੇਗੀ। ਉਹਨਾਂ ਦੱਸਿਆ ਕਿ ਇਹ ਕੰਮ ਸਬੰਧਤ ਠੇਕੇਦਾਰ ਨੂੰ ਅਲਾਟ ਕਰ ਦਿੱਤਾ ਗਿਆ ਹੈ ਅਤੇ ਛੇ ਮਹੀਨੇ ਦੇ ਅੰਦਰ ਅੰਦਰ ਇਹ ਸੜਕ ਮੁਕੰਮਲ ਕਰ ਦਿੱਤੀ ਜਾਵੇਗੀ ਉਹਨਾਂ ਦੱਸਿਆ ਕਿ ਇਸ ਸੜਕ ਦੀ ਉਸਾਰੀ ਨਾਲ ਆਮ ਲੋਕਾਂ ਨੂੰ ਆਵਾਜਾਈ ਵਿੱਚ ਕਾਫੀ ਰਾਹਤ ਮਿਲੇਗੀ। ਉਹਨਾਂ ਸਬੰਧਤ ਵਿਭਾਗ ਤੇ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਉਹ ਆਪਣੀ ਦੇਖ ਦੇ ਹੇਠ ਇਸ ਸੜਕ ਦੀ ਰਿਪੇਅਰ ਕਰਵਾਉਣ ਅਤੇ ਕਿਸੇ ਕਿਸਮ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਉਨਾਂ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੇਸ਼ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਹੈ ਕਿ ਕਿਸੇ ਸੂਬੇ ਨੇ ਆਪਣੇ ਵਾਸੀਆਂ ਲਈ 10 ਲੱਖ ਰੁਪਏ ਤੱਕ ਸਿਹਤ ਬੀਮਾ ਸ਼ੁਰੂ ਕੀਤਾ ਹੈ। ਉਨਾਂ ਕਿਹਾ ਕਿ ਆਮ ਤੋਰ ਤੇ ਵੇਖਣ ਵਿੱਚ ਆਉਂਦਾ ਸੀ ਕਿ ਪਿਛਲੀਆਂ ਸਰਕਾਰਾਂ ਕੇਵਲ ਆਪਣੀ ਆਖਿਰੀ ਸਾਲ ਦੇ ਕੰਮ ਵਿੱਚ ਹੀ ਛੋਟੇ ਮੋਟੇ ਵਿਕਾਸ ਦੇ ਕੰਮ ਕਰਕੇ ਲੋਕਾਂ ਨੂੰ ਵਰਗਲਾ ਲੈਂਦੀਆਂ ਸਨ। ਉਨਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਸਰਕਾਰ ਨੇ ਆਪਣੇ ਕਾਰਜਕਾਲ ਦੋਰਾਨ ਪਹਿਲੇ ਸਾਲ ਤੋਂ ਹੀ ਲੋਕਾਂ ਨਾਲ ਕੀਤੀਆਂ ਗਰੰਟੀਆਂ ਨੂੰ ਪੂਰਾ ਕਰਨਾ ਸ਼ੁਰੂ ਕਰ ਦਿੱਤਾ ਸੀ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੇ ਸ਼ਾਨਦਾਰ ਚਾਰ ਸਾਲ ਪੂਰੇ ਹੋਣ ਤੇ ਈ.ਟੀ.ਓ. ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਕਿਹਾ ਕਿ ਇਨ੍ਹਾਂ ਚਾਰ ਸਾਲਾਂ ਦੌਰਾਨ ਸਿਹਤ, ਸਿੱਖਿਆ, ਰੁਜ਼ਗਾਰ ਉਦਯੋਗਿਕ ਵਿਕਾਸ, ਬੁਨਿਆਦੀ ਢਾਂਚੇ ਵਿੱਚ ਵੱਡੇ ਬਦਲਾਅ ਲਿਆਂਦੇ ਗਏ ਹਨ। ਉਨ੍ਹਾਂ ਕਿਹਾ ਕਿ ਸਿਹਤ ਦੇ ਖੇਤਰ ਵਿਚ ਕ੍ਰਾਂਤੀਕਾਰੀ ਬਦਲਾ ਲਿਆਂਦੇ ਹੋਏ ਸਿਹਤ ਬੀਮਾ ਯੋਜਨਾ ਸ਼ੁਰੂ ਕੀਤੀ ਗਈ । ਜਿਸ ਤਹਿਤ ਹਰ ਵਰਗ ਦੇ ਹਰੇਕ ਨਾਗਰਿਕ ਲਈ 10 ਲੱਖ ਰੁਪਏ ਤੱਕ ਦੇ ਮੁਫਤ ਇਲਾਜ ਦੀ ਸਹੂਲਤ ਦਿੱਤੀ ਗਈ ਹੈ ਉਨ੍ਹਾਂ ਕਿਹਾ ਕਿ ਮਹਿਲਾਵਾਂ ਦੀ ਆਰਥਿਕ ਮਜਬੂਤੀ ਲਈ ਜਰਨਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਅਤੇ ਐਸ.ਸੀ ਵਰਗ ਦੀਆਂ ਔਰਤਾਂ ਲਈ 1500 ਦੀ ਸਹੂਲਤ ਪ੍ਰਦਾਨ ਕੀਤੀ ਗਈ ਹੈ। ਸਿੱਖਿਆ ਦੇ ਖੇਤਰ ਵਿੱਚ ਕਰੋੜਾਂ ਰੁਪਏ ਖਰਚ ਕੇ ਵੱਡੇ ਸੁਧਾਰ ਕਰਦਿਆਂ ਸਕੂਲਾਂ ਦੀ ਨੁਹਾਰ ਬਦਲੀ ਗਈ ਹੈ ਅਤੇ ਪ੍ਰਾਈਵੇਟ ਸਕੂਲਾਂ ਦੀ ਤਰ੍ਹਾਂ ਸਰਕਾਰੀ ਸਕੂਲਾਂ ਵਿੱਚ ਵੀ ਸਾਰੀਆਂ ਸੁਵਿਧਾਵਾਂ ਉਪਲਬਧ ਕਰਵਾਈਆਂ ਗਈਆਂ ਹਨ। ਇਸ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਰੁਜ਼ਗਾਰ ਦੇ ਮੌਕੇ ਪੈਦਾ ਕੀਤੇ ਗਏ ਅਤੇ ਬਿਨਾਂ ਕਿਸੇ ਸਿਫਾਰਿਸ਼ ਦੇ ਨੌਕਰੀਆਂ ਦਿੱਤੀਆਂ ਗਈਆਂ ਹਨ ।ਕਾਨੂੰਨ ਵਿਵਸਥਾ ਨੂੰ ਮਜਬੂਤ ਕਰਨ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਗਈ ਅਤੇ ਅਜਿਹਾ ਕਾਰੋਬਾਰ ਕਰਨ ਵਾਲਿਆਂ ਖਿਲਾਫ ਵੱਡੇ ਪੱਧਰ ਤੇ ਕਾਰਵਾਈਆਂ ਕੀਤੀਆਂ ਗਈਆਂ ਉਨ੍ਹਾਂ ਦੱਸਿਆ ਕਿ ਕਰੋੜਾਂ ਰੁਪਏ ਖਰਚ ਕੇ ਸੜਕਾਂ ਦਾ ਨਵੀਨੀਕਰਨ,ਪੁੱਲਾਂ ਦੀ ਉਸਾਰੀ ਅਤੇ ਹੋਰ ਵੱਡੇ ਪ੍ਰੋਜੈਕਟਾਂ ਤੇ ਕੰਮ ਕਰਕੇ ਬੁਨਿਆਦੀ ਢਾਂਚੇ ਨੂੰ ਮਜਬੂਤ ਕੀਤਾ ਗਿਆ ।ਕੈਬਨਿਟ ਮੰਤਰੀ ਈ.ਟੀ.ਓ. ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਵੱਡੀ ਰਾਹਤ ਦੇਣ ਲਈ 90% ਘਰਾਂ ਦੇ ਬਿਜਲੀ ਦੇ ਬਿੱਲ ਜੀਰੋ ਆ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਾਬਤ ਕਰ ਦਿੱਤਾ ਹੈ ਕਿ ਜੇ ਨੀਅਤ ਸਾਫ ਹੋਵੇ ਤਾਂ ਘੱਟ ਸਮੇਂ ਵਿੱਚ ਵੀ ਵੱਡੇ ਬਦਲਾਅ ਲਿਆਂਦੇ ਜਾ ਸਕਦੇ ਹਨ। ਆਉਣ ਵਾਲੇ ਸਮੇਂ ਵਿੱਚ ਵੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਨੂੰ ਤਰੱਕੀ ਅਤੇ ਖੁਸ਼ਹਾਲੀ ਦੀ ਨਵੀਂ ਉਚਾਈਆਂ ਤੱਕ ਲਿਜਾਇਆ ਜਾਵੇਗਾ।

ਇਸ ਮੋਕੇ ਸਰਪੰਚ ਪਿੰਡ ਨਿੱਜਰਪੁਰਾ ਸਰਦਾਰ ਜਗਦੀਪ ਸਿੰਘ ਜੱਜ ਸਿੰਘ, ਸਰਦਾਰ ਹਰਪਾਲ ਸਿੰਘ ਬੀ.ਸੀ ਵਿੰਗ ਜਿਲ੍ਹਾ ਪ੍ਰਧਾਨ,ਸਰਦਾਰ ਗਗਨਦੀਪ ਸਿੰਘ ਆਰਕੀਟੈਕਚਰ, ਟੋਨੀ ਠੱਠੀਆਂ ਸਰਪੰਚ ਪਿੰਡ ਫਤਿਹਪੁਰ ਰਾਜਪੂਤਾਂ ਬਾਬਾ ਮੰਗਲ ਸਿੰਘ, ਸਰਪੰਚ ਪਿੰਡ ਨਾਜੋਵਾਲੀ ਵਲੈਤੀ ਰਾਮ , ਸਰਪੰਚ ਪਿੰਡ ਛੀਨਾਂ ਕੇਵਲ ਸਿੰਘ, ਸਰਪੰਚ ਪਿੰਡ ਖਾਨਕੋਟ ਕੁਲਦੀਪ ਸਿੰਘ ਚੇਅਰਮੈਨ ਸੂਬੇਦਾਰ ਛਨਾਖ ਸਿੰਘ, ਸਰਪੰਚ ਪਿੰਡ ਠੱਠੀਆਂ ਸੁਖਵਿੰਦਰ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

ਅਖੌਤੀ ਨਾਮਧਾਰੀ ਬਾਬੇ ਤੇ ਤੁਰੰਤ ਕੇਸ ਦਰਜ ਕਰੇ ਸਰਕਾਰ—ਮਾਮਲਾ ਗੁਰੂ ਗ੍ਰੰਥ ਸਾਹਿਬ ਨੂੰ ਕਿਤਾਬ ਕਹਿਣ ਦਾ


# ਸਿੱਖ ਕੌਮ ਨੂੰ ਇਨਸਾਫ ਨਾ ਮਿਲਿਆ ਤਾਂ ਵਿੱਢਾਂਗੇ ਵੱਡਾ ਸੰਘਰਸ਼ : ਭਾਈ ਜਸਪਾਲ ਸਿੰਘ



ਫ਼ਿਰੋਜ਼ਪੁਰ, 08 ਅਪ੍ਰੈਲ (ਮਨੋਹਰ ਲਾਲ) :— ਨਾਮਧਾਰੀ ਸੰਸਥਾ ਦੇ ਆਗੂ ਅਖੌਤੀ ਬਾਬੇ ਠਾਕਰ ਦਲੀਪ ਸਿੰਘ ਵੱਲੋਂ ਦਿੱਤੇ ਵਿਵਾਦਤ ਬਿਆਨ ਜਿਸ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਇਕ ਆਮ ਕਿਤਾਬ ਦੱਸਿਆ ਹੈ, ਦੇ ਰੋਹ ਦੇ ਭਾਂਬੜ ਤੇਜ਼ ਹੁੰਦੇ ਜਾ ਰਹੇ ਹਨ। ਇਸ ਤੇ ਆਪਣਾ ਪ੍ਰਤੀਕਰਮ ਜਾਹਿਰ ਕਰਦਿਆਂ ਭਾਈ ਜਸਪਾਲ ਸਿੰਘ ਨੇ ਕਿਹਾ ਕਿ ਲਗਭਗ ਸਾਰੀਆਂ ਸਿੱਖ ਜਥੇਬੰਦੀਆਂ ਦੇ ਨਾਲ—ਨਾਲ ਗੈਰ ਸਿੱਖ ਸੰਸਥਾਵਾਂ ਵੀ ਹੁਣ ਇਸ ਦੇ ਵਿਰੁੱਧ ਡੱਟ ਗਈਆਂ ਹਨ। ਇਸ ਸਬੰਧੀ ਅੱਜ ਫ਼ਿਰੋਜ਼ਪੁਰ ਵਿਖੇ ਗੱਲਬਾਤ ਕਰਦਿਆਂ ਸਿੱਖ ਕੌਮ ਦੀ ਜੁਝਾਰੂ ਜਥੇਬੰਦੀ ਸਿੱਖ ਸਟੂਡੈਂਟਸ ਫੈਡਰੇਸ਼ਨ ਨੇ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਕਿ ਇਸ ਅਖੌਤੀ ਨਾਮਧਾਰੀ ਬਾਬੇ ਵਿਰੁੱਧ ਤੁਰੰਤ ਸੰਗਤ ਦੀਆਂ ਭਾਵਨਾਵਾਂ ਨੂੰ ਭੜਕਾਉਣ ਦਾ ਕੇਸ ਦਰਜ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਮੁੱਚੀ ਮਨੁੱਖਤਾ ਦੇ ਦਸਵੇਂ ਗੁਰੂ ਗੁਰੂ ਗੋਬਿੰਦ ਸਿੰਘ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਗੁਰੂ ਦੀ ਉਪਾਧੀ ਦੇ ਕੇ ਤਖਤ ਸ੍ਰੀ ਹਜ਼ੂਰ ਸਾਹਿਬ ਵਿਖੇ ਆਪ ਮੱਥਾ ਟੇਕਿਆ ਸੀ ਅਤੇ ਸਮੁੱਚੀ ਸਿੱਖ ਕੌਮ ਨੂੰ ਇਹ ਆਦੇਸ਼ ਦਿੱਤਾ ਸੀ ਕਿ ਅੱਜ ਤੋਂ ਬਾਅਦ ਕੋਈ ਵੀ ਦੇਹਧਾਰੀ ਗੁਰੂ ਨਹੀਂ ਹੋਵੇਗਾ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਹੀ ਗੁਰੂ ਹੋਣਗੇ ਅਤੇ ਸਮੁੱਚੀ ਮਨੁੱਖਤਾ ਨੇ ਇਨ੍ਹਾਂ ਨੂੰ ਹੀ ਗੁਰੂ ਮੰਨਣਾ ਹੈ, ਪਰ ਨਾਮਧਾਰੀ ਅਖੌਤੀ ਬਾਬੇ ਠਾਕਰ ਦਲੀਪ ਸਿੰਘ ਨੇ ਗੁਰੂ ਗੋਬਿੰਦ ਸਿੰਘ ਜੀ ਦੇ ਇਸ ਆਦੇਸ਼ ਨੂੰ ਚੈਲੰਜ ਕੀਤਾ ਹੈ, ਜਿਸ ਨੂੰ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਭਾਈ ਜਸਪਾਲ ਸਿੰਘ ਨੇ ਅੱਗੇ ਕਿਹਾ ਕਿ 9 ਅਪ੍ਰੈਲ ਨੂੰ ਸਮੁੱਚੀਆਂ ਸਿੱਖ ਜਥੇਬੰਦੀਆਂ ਡਿਪਟੀ ਕਮਿਸ਼ਨਰ ਨੂੰ ਇਸ ਸਬੰਧੀ ਮੰਗ ਪੱਤਰ ਦੇ ਰਹੀਆਂ ਹਨ, ਜੇ ਫਿਰ ਵੀ ਕੋਈ ਕਾਰਵਾਈ ਨਾ ਹੋਈ ਤਾਂ ਸਾਰੀਆਂ ਸਿੱਖ ਜਥੇਬੰਦੀਆਂ ਇਕ ਵੱਡਾ ਸੰਘਰਸ਼ ਵਿੱਢਣ ਲਈ ਮਜ਼ਬੂਰ ਹੋਣਗੀਆਂ। ਉਨ੍ਹਾਂ ਦੇਸ਼ ਦੇ ਪ੍ਰਧਾਨ ਮੰਤਰੀ ਅਤੇ ਪੰਜਾਬ ਤੇ ਹਰਿਆਣਾ ਦੇ ਮੁੱਖ ਮੰਤਰੀਆਂ ਤੋਂ ਮੰਗ ਕੀਤੀ ਕਿ ਸੰਗਤਾਂ ਦੀਆਂ ਭਾਵਨਾਵਾਂ ਨੂੰ ਸਮਝਦੇ ਹੋਏ ਇਸ ਅਖੌਤੀ ਬਾਬੇ ਤੇ ਤੁਰੰਤ ਮੁਕੱਦਮਾ ਦਰਜ ਕਰਨ। ਇਸ ਸਮੇਂ ਭਾਈ ਜਸਪਾਲ ਸਿੰਘ, ਸੁਖਦੇਵ ਸਿੰਘ ਲਾਡਾ, ਉਡੀਕ ਸਿੰਘ ਕੁੰਡੇ, ਗਗਨਦੀਪ ਸਿੰਘ ਚਾਵਲਾ, ਮਨਜੀਤ ਸਿੰਘ ਔਲਖ, ਜਰਨੈਲ ਸਿੰਘ ਗਾਬੜੀਆ, ਡਾ: ਗੁਰਮੀਤ ਸਿੰਘ, ਜਸਬੀਰ ਸਿੰਘ ਤੇਗਾ ਸਿੰਘ ਵਾਲਾ, ਹਰਜਿੰਦਰ ਸਿੰਘ ਬੱਗਾ, ਕੁਲਦੀਪ ਸਿੰਘ ਨੰਢਾ, ਜ਼ਸਬੀਰ ਸਿੰਘ ਜੱਸ, ਕੁਲਦੀਪ ਸਿੰਘ ਲੋਕੋ, ਮਿਹਰ ਸਿੰਘ ਕਲਸੀ, ਗੁਰਜੀਤ ਸਿੰਘ, ਕਿਰਨਦੀਪ ਸਿੰਘ ਪੰਨਾ, ਸੁਰਜੀਤ ਸਿੰਘ ਸੰਧੂ ਸਮੇਤ ਹੋਰ ਵੀ ਕਈ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ੍ਰੀ ਗੁਰੂ ਅਰਜਨ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵਿਸ਼ੇਸ਼ - ਡਾ. ਵਿਜੇ ਸਤਬੀਰ ਸਿੰਘ ਆਈ ਐਸ (ਸੇਵਾ ਮੁਕਤ)



ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਜਨਮ ਈਸਵੀ 1563 ਵਿੱਚ ਸ੍ਰੀ ਗੁਰੂ ਰਾਮਦਾਸ ਜੀ ਦੇ ਘਰ ਬੀਬੀ ਭਾਨੀ ਜੀ ਦੀ ਕੁੱਖੋਂ ਗੋਇੰਦਵਾਲ ਸਾਹਿਬ (ਪੰਜਾਬ) ਵਿਖੇ ਹੋਇਆ। ਸ੍ਰੀ ਗੁਰੂ ਅਰਜਨ ਦੇਵ ਜੀ ਗੁਰੂ ਰਾਮਦਾਸ ਜੀ ਦੇ ਸਭ ਤੋਂ ਛੋਟੇ ਸੁਪੁੱਤਰ ਸਨ। ਇਸ ਸਮੇਂ ਗੁਰੂ ਅਰਜਨ ਦੇਵ ਜੀ ਦੇ ਨਾਨਾ ਜੀ ਸ੍ਰੀ ਗੁਰੂ ਅਮਰਦਾਸ ਜੀ ਗੁਰੂਗੱਦੀ 'ਤੇ ਬਿਰਾਜਮਾਨ ਸਨ

ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਆਪਣੇ ਬਚਪਨ ਦੇ 11 ਸਾਲ ਆਪਣੇ ਨਾਨਾ ਜੀ ਗੁਰੂ ਅਮਰਦਾਸ ਜੀ ਦੀ ਛੱਤਰ ਛਾਇਆ ਹੇਠ ਬਿਤਾਏ। ਇਸ ਦੌਰਾਨ ਗੁਰੂ ਅਰਜਨ ਦੇਵ ਜੀ ਨੇ ਆਪਣੇ ਨਾਨਾ ਜੀ ਕੋਲੋਂ ਗੁਰਮੁਖੀ ਦੀ ਵਿਦਿਆ ਲਈ ਤੇ ਗੁਰਮੁਖੀ'ਚ ਮਹਾਰਤ ਹਾਸਲ ਕੀਤੀ। ਇਸ ਤੋਂ ਇਲਾਵਾ ਗੁਰੂ ਜੀ ਨੇ ਦੇਵਨਾਗਰੀ, ਸੰਸਕ੍ਰਿਤ ਅਤੇ ਗਣਿਤ ਦੀ ਵਿਦਿਆ ਹਾਸਲ ਕੀਤੀ। ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਮਾਮਾ ਬਾਬਾ ਮੋਹਨ ਸਿੰਘ ਜੀ ਨੇ ਗੁਰੂ ਜੀ ਨੂੰ ਅਧਿਆਤਮ ਤੇ ਧਿਆਨ ਲਗਾਉਣ ਦੀ ਵਿਦਿਆ ਸਿਖਾਈ। ਸਨ 1574 ਵਿੱਚ ਸ੍ਰੀ ਗੁਰੂ ਰਾਮਦਾਸ ਜੀ ਨੇ ਸ੍ਰੀ ਗੁਰੂ ਅਮਰਦਾਸ ਜੀ ਦੇ ਆਸ਼ੇ ਨੂੰ ਪੂਰਾ ਕਰਨ ਲਈ ਆਪਣੇ ਤਿੰਨੋਂ ਪੁੱਤਰਾਂ ਪ੍ਰਿਥੀ ਚੰਦ, ਸ੍ਰੀ ਮਹਾਂਦੇਵ ਅਤੇ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਨਾਲ ਲੈ ਕੇ ਗੁਰੂ ਕੇ ਚੱਕ (ਅੰਮ੍ਰਿਤਸਰ) ਆ ਗਏ। ਸਭ ਤੋਂ ਪਹਿਲੀ ਸੇਵਾ ਜੋ ਸ੍ਰੀ ਗੁਰੂ ਅਮਰਦਾਸ ਜੀ ਦੇ ਸਮੇਂ ਸੰਤੋਖਸਰ ਦੀ ਚਲ ਰਹੀ ਸੀ, ਉਸ ਨੂੰ ਸੰਪੂਰਨ ਕੀਤਾ ਗਿਆ। ਜਿਸ ਟਾਹਲੀ ਹੇਠ ਬੈਠ ਕੇ ਸ੍ਰੀ ਗੁਰੂ ਅਰਜਨ ਦੇਵ ਜੀ ਸੇਵਾ ਕਰਦੇ ਸਨ, ਉਸ ਅਸਥਾਨ ਤੇ ਅੱਜ ਗੁਰਦੁਆਰਾ ਟਾਹਲੀ ਸਾਹਿਬ ਸੁਸ਼ੋਭਿਤ ਹੈ। ਇਸ ਤੋਂ ਇਲਾਵਾ 1577'ਚ ਸ੍ਰੀ ਗੁਰੂ ਰਾਮਦਾਸ ਜੀ ਨੇ ਦੁੱਖਭੰਜਨੀ ਬੇਰੀ ਵਾਲੀ ਥਾਂ ਇੱਕ ਸਰੋਵਰ ਦੀ ਉਸਾਰੀ ਸ਼ੁਰੂ ਕਰਵਾਈ, ਜਿਸ ਨੂੰ ਬਾਅਦ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸੰਪੂਰਨ ਕੀਤਾ। ਇਸ ਸਰੋਵਰ ਦਾ ਨਾਂ ਅੰਮ੍ਰਿਤਸਰ ਰੱਖਿਆ ਗਿਆ। ਇਸ ਤੋਂ ਹੀ ਇਸ ਸ਼ਹਿਰ ਦਾ ਨਾਂ ਅੰਮ੍ਰਿਤਸਰ ਪਿਆ।

ਸ੍ਰੀ ਗੁਰੂ ਰਾਮਦਾਸ ਜੀ ਨੇ ਆਪਣੇ ਛੋਟੇ ਸਪੁੱਤਰ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਧਰਮ ਦੇ ਪ੍ਰਤੀ ਲਗਨ, ਪਿਆਰ, ਸਤਿਕਾਰ, ਨਿਮਰਤਾ ਆਦਿ ਗੁਣਾਂ ਨੂੰ ਦੇਖਦੇ ਹੋਏ 01 ਸਤੰਬਰ 1581 ਨੂੰ ਜੋਤੀ ਜੋਤਿ ਸਮਾਉਣ ਵੇਲੇ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਬਾਬਾ ਬੁੱਢਾ ਜੀ ਦੇ ਹੱਥੋਂ ਗੁਰਿਆਈ ਦਾ ਤਿਲਕ ਬਖਸ਼ੀਸ਼ ਕੀਤਾ। ਗੁਰਗੱਦੀ ਸਮੇਂ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਉਮਰ ਕੇਵਲ 18 ਸਾਲ ਸੀ। ਦਸਤਾਰਬੰਦੀ ਦੀ ਰਸਮ ਤੋਂ ਬਾਅਦ ਗੁਰੂ ਜੀ ਅਕਤੂਬਰ ਮਹੀਨੇ ਸ੍ਰੀ ਅੰਮ੍ਰਿਤਸਰ ਆ ਗਏ। ਸ੍ਰੀ ਗੁਰੂ ਅਰਜਨ ਦੇਵ ਜੀ ਨੇ ਜਦੋਂ ਗੁਰਤਾਗੱਦੀ ਸਾਂਭੀ ਤਾਂ ਉਹ ਇਹ ਜਾਣਦੇ ਸਨ, ਕਿ ਗੁਰਗੱਦੀ ਪਾਉਣਾ, ਕੁੱਝ ਹਾਸਲ ਕਰਨਾ ਨਹੀਂ ਸਗੋਂ ਕੁੱਝ ਦੇਣਾ ਹੈ। ਇਸੇ ਵਿਚਾਰ ਅਤੇ ਧਰਮ ਦੇ ਪ੍ਰਤਿ ਦ੍ਰਿਢ ਨਿਸ਼ਚੈ ਨਾਲ ਸ੍ਰੀ ਗੁਰੂ ਅਰਜਨ ਦੇਵ ਜੀ ਸਿੱਖ ਕੌਮ ਲਈ ਸ਼ਹੀਦੀ ਦੇਣ ਵਾਲੇ ਪਹਿਲੇ ਗੁਰੂ ਹੋਏ ਗੁਰਗੱਦੀ ਤੇ ਬਿਰਾਜਮਾਨ ਹੋਣ ਮਗਰੋਂ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਧਰਮ ਪ੍ਰਚਾਰ ਦੇ ਨਾਲ-ਨਾਲ ਗੁਰੂ ਰਾਮਦਾਸ ਜੀ ਵੱਲੋਂ ਸ਼ੁਰੂ ਕੀਤੇ ਗਏ ਕਾਰਜਾਂ ਨੂੰ ਨੇਪਰੇ ਚਾੜ੍ਹਨਾ ਸ਼ੁਰੂ ਕੀਤਾ। ਗੁਰੂ ਸਾਹਿਬ ਜੀ ਨੇ ਅੰਮ੍ਰਿਤਸਰ ਦਾ ਨਿਰਮਾਣ ਕਰਵਾਇਆ, ਅੰਮ੍ਰਿਤਸਰ ਦੇ ਪਵਿੱਤਰ ਸਰੋਵਰ ਤੋਂ ਇਲਾਵਾ ਸੰਤੋਖਸਰ ਤੇ ਤਰਨਤਾਰਨ ਸਾਹਿਬ ਦੇ ਸਰੋਵਰ ਖੁਦਵਾਏ ਤੇ ਮੁਕੰਮਲ ਕਰਵਾਏ। ਅੰਮ੍ਰਿਤਸਰ ਸਾਹਿਬ 'ਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਸਥਾਪਨਾ ਕੀਤੀ ਤੇ ਸ਼ਹਿਰ ਵਸਾਇਆ।

ਸ੍ਰੀ ਗੁਰੂ ਅਰਜਨ ਦੇਵ ਜੀ ਨੇ ਆਪਣੇ ਗੁਰਗੱਦੀ ਕਾਲ ਵਿੱਚ, ਸਭ ਤੋਂ ਮਹਾਨ ਕੰਮ ਇਲਾਹੀ ਬਾਣੀ ਰਚਣ ਅਤੇ ਪਹਿਲੇ ਗੁਰੂ ਸਾਹਿਬਾਂਨ, ਸੰਤਾਂ, ਭਗਤਾਂ ਦੀ ਬਾਣੀ ਨੂੰ ਇਕੱਤਰ ਕਰਨ ਦਾ ਕੀਤਾ। ਗੁਰੂ ਸਾਹਿਬ ਜੀ ਨੇ ਵੱਖ-ਵੱਖ ਗੁਰੂਆਂ, ਸੰਤਾਂ ਤੇ ਮਹਾਂਪੁਰਸ਼ਾਂ ਦੀ ਬਾਣੀ ਦੇ ਅੰਸ਼ ਇਕੱਤਰ ਕਰਕੇ ਇਸ ਪਵਿੱਤਰ ਗ੍ਰੰਥ ਨੂੰ ਭਾਈ ਗੁਰਦਾਸ ਜੀ ਦੇ ਹੱਥੋਂ ਲਿਖਵਾਇਆ ਸੀ। ਇਸ ਮਹਾਨ ਕੰਮ ਨੂੰ ਕਰਨ ਲਈ ਗੁਰੂ ਸਾਹਿਬ ਜੀ ਨੇ ਇਕਾਂਤ ਵਾਸ ਥਾਂ ਸ੍ਰੀ ਰਾਮਸਰ (ਅੰਮ੍ਰਿਤਸਰ) ਚੁਣੀ।

ਸੰਨ 1601 ਤੋਂ ਲੈ ਅਗਸਤ 1604 ਦੇ ਲੰਮੇ ਸਮੇਂ ਦੌਰਾਨ ਇਹ ਕੰਮ ਸੰਪੂਰਨ ਹੋਇਆ ਤੇ ਇੱਕ ਮਹਾਨ ਗ੍ਰੰਥ ਤਿਆਰ ਕੀਤਾ ਗਿਆ। ਇਸ ਵਿੱਚ 36 ਮਹਾਂਪੁਰਸ਼ਾਂ ਦੀ ਬਾਣੀ ਅੰਕਿਤ ਕੀਤੀ ਗਈ ਜਿਨ੍ਹਾਂ ਵਿੱਚ ਛੇ ਗੁਰੂ ਸਾਹਿਬਾਨ, 15 ਭਗਤਾਂ, 11 ਭੱਟਾਂ ਅਤੇ ਚਾਰ ਗੁਰੂ ਘਰ ਦੇ ਸਿੱਖਾਂ ਦੀ ਬਾਣੀ ਦਰਜ ਹੈ। ਇਸ ਸੇਵਾ ਲਈ ਭਾਈ ਗੁਰਦਾਸ ਜੀ ਨੇ ਆਪਣੀ ਲੇਖਣੀ ਰਾਹੀ ਮਹਾਨ ਯੋਗਦਾਨ ਪਾਇਆ।

ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਗੁਰੂ ਨਾਨਕ ਦੇਵ ਜੀ ਦੀ ਬਾਣੀ ਨੂੰ ਸੰਕਲਿਤ ਕੀਤਾ ਸੀ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਗੁਰਦੁਆਰਾ ਰਾਮਸਰ ਸਾਹਿਬ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਵਿਖੇ ਵਿਰਾਜਮਾਨ ਕੀਤਾ ਗਿਆ। ਗੁਰਦੁਆਰਾ ਰਾਮਸਰ ਸਾਹਿਬ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਪਹਿਲੇ ਗ੍ਰੰਥੀ ਬਾਬਾ ਬੁੱਢਾ ਸਾਹਿਬ ਜੀ ਨੇ ਸੰਗਤ ਨਾਲ ਨਗਰ ਕੀਰਤਨ ਦੇ ਰੂਪ ਵਿੱਚ, ਸੱਚਖੰਡ ਸ੍ਰੀ ਹਰਿਮੰਦਿਰ ਸਾਹਿਬ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਪ੍ਰਕਾਸ਼ ਕੀਤਾ।

# ਨਿੱਘੇ ਕਦਮਾਂ ਦਾ ਸ਼ਾਨਦਾਰ ਆਗਾਜ਼, ਟੀ.ਬੀ.ਐਸ. ਇੰਟਰਨੈਸ਼ਨਲ ਸਕੂਲ ਵਿੱਚ ਫ੍ਰੈਸ਼ਰਜ਼ ਪਾਰਟੀ ਦਾ ਆਯੋਜਨ

ਫ਼ਿਰੋਜ਼ਪੁਰ, 08 ਅਪ੍ਰੈਲ (ਮਨੋਹਰ ਲਾਲ) :— ਟੀ.ਬੀ.ਐਸ. ਇੰਟਰਨੈਸ਼ਨਲ ਸਕੂਲ ਵਿੱਚ ਨਵੇਂ ਸ਼ੈਖਿਕ ਸੈਸ਼ਨ ਦੀ ਸ਼ੁਰੂਆਤ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਕੀਤੀ ਗਈ। ਸਕੂਲ ਜੋ ਚੇਅਰਮੈਨ ਡਾ: ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮਹਾਸਚਿਵ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੇ ਮਾਰਗਦਰਸ਼ਨ ਹੇਠ ਚੱਲ ਰਿਹਾ ਹੈ, ਵਿੱਚ ਕਿੰਡਰਗਾਰਟਨ ਵਿੰਗ ਵੱਲੋਂ ਨਿੱਕੇ ਬੱਚਿਆਂ ਦੇ ਸਵਾਗਤ ਲਈ ਰੰਗਾਰੰਗ ਫ੍ਰੈਸ਼ਰਜ਼ ਪਾਰਟੀ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਬੱਚੇ ਆਪਣੀਆਂ ਮਨਪਸੰਦ ਪੋਸ਼ਾਕਾਂ ਪਾ ਕੇ ਪਹੁੰਚੇ ਅਤੇ ਪੂਰੇ ਪ੍ਰੋਗਰਾਮ ਦਾ ਕੇਂਦਰ ਬਣੇ ਰਹੇ। ਇਸ ਮੌਕੇ ਨੱਚ, ਗੀਤ, ਖੇਡਾਂ ਅਤੇ ਹੋਰ ਮਨੋਰੰਜਕ ਗਤੀਵਿਧੀਆਂ ਨਾਲ ਭਰਪੂਰ ਇਸ ਸਮਾਰੋਹ ਦੌਰਾਨ ਬੱਚਿਆਂ ਨੇ ਖੂਬ ਮੌਜ਼ ਮਸਤੀ ਕੀਤੀ ਅਤੇ ਆਪਣੇ ਨਵੇਂ ਸਫਰ ਦੀ ਯਾਦਗਾਰ ਸ਼ੁਰੂਆਤ ਕੀਤੀ। ਅਧਿਆਪਕਾਂ ਨੇ ਵੀ ਬੱਚਿਆਂ ਦੇ ਸਵਾਗਤ ਵਿੱਚ ਕੋਈ ਕਸਰ ਨਹੀਂ ਛੱਡੀ ਅਤੇ ਪ੍ਰੋਗਰਾਮ ਨੂੰ ਖਾਸ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ।




ਪ੍ਰੋਗਰਾਮ ਦਾ ਖਾਸ ਆਕਰਸ਼ਣ ਅਧਿਆਪਕਾਂ ਵੱਲੋਂ ਪੇਸ਼ ਕੀਤਾ ਗਿਆ ਮੋਬਾਈਲ ਫੋਨ ਨੂੰ ਨਾ ਕਹੋ ਵਿਸ਼ੇ 'ਤੇ ਆਧਾਰਿਤ ਜਾਗਰੂਕਤਾ ਨਾਟਕ ਸੀ, ਜਿਸ ਨੇ ਬੱਚਿਆਂ ਨੂੰ ਮਨੋਰੰਜਨ ਦੇ ਨਾਲ—ਨਾਲ ਇੱਕ ਮਹੱਤਵਪੂਰਨ ਸੁਨੇਹਾ ਵੀ ਦਿੱਤਾ। ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਨੇ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਬੱਚਿਆਂ ਦੇ ਆਤਮਵਿਸ਼ਵਾਸ ਨੂੰ ਵਧਾਉਂਦੇ ਹਨ ਅਤੇ ਉਨ੍ਹਾਂ ਨੂੰ ਸਕੂਲ ਦੇ ਮਾਹੌਲ ਵਿੱਚ ਢਲਣ ਵਿੱਚ ਮਦਦ ਕਰਦੇ ਹਨ। ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਇੱਕ ਲਾਈਨ ਵਿੱਚ ਕਿਹਾ, "ਕਿੰਡਰਗਾਰਟਨ ਦੇ ਇਹ ਨਿੱਘੇ ਸਿਤਾਰੇ ਆਉਣ ਵਾਲੇ ਸਾਲ ਵਿੱਚ ਚਮਕਦਾਰ ਸਫਲਤਾ ਹਾਸਲ ਕਰਨਗੇ।"

ਭਾਰਤੀ ਕਿਸਾਨ ਯੂਨੀਅਨ ਚੜੂਨੀ ਦੇ ਪ੍ਰਧਾਨ ਸਰਦਾਰ ਗੁਰਨਾਮ ਸਿੰਘ ਚੜੂਨੀ ਜਿਨਾਂ ਦਾ ਪਿਛਲੇ ਦਿਨੀ ਚੂਲਾ ਫਰੈਕਚਰ ਹੋ ਗਿਆ ਸੀ

# ਸਿਹਤਯਾਬੀ ਦਾ ਪਤਾ ਲੈਣ ਉਨਾਂ ਦੇ ਗ੍ਰਹਿ ਪਿੰਡ ਚੜੂਨੀ ਜੱਟਾਂ ਸ਼ਾਹਬਾਦ ਮਾਰਕੰਡਾ ਵਿਖੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਾਥੀਆਂ ਸਮੇਤ ਪੁੱਜੇ










ਭਾਰਤੀ ਕਿਸਾਨ ਯੂਨੀਅਨ ਚੜੂਨੀ ਦੇ ਪ੍ਰਧਾਨ ਸਰਦਾਰ ਗੁਰਨਾਮ ਸਿੰਘ ਚੜੂਨੀ ਜਿਨਾਂ ਦਾ ਪਿਛਲੇ ਦਿਨੀ ਚੂਲਾ ਫਰੈਕਚਰ ਹੋ ਗਿਆ ਸੀ ਉਨਾਂ ਦੀ ਸਿਹਤਯਾਬੀ ਦਾ ਪਤਾ ਲੈਣ ਅੱਜ 8 ਮਾਰਚ 2026 ਨੂੰ ਉਨਾਂ ਦੇ ਗ੍ਰਹਿ ਪਿੰਡ ਚੜੂਨੀ ਜੱਟਾਂ ਸ਼ਾਹਬਾਦ ਮਾਰਕੰਡਾ ਵਿਖੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਾਥੀਆਂ ਸਮੇਤ ਪੁੱਜੇ ਉਨਾਂ ਦੇ ਨਾਲ ਸ.ਸ਼ਿੰਦਰਪਾਲ ਸਿੰਘ ਬਰਾੜ ਫਾਰਮਰ ਐਡੀਸ਼ਨਲ ਐਡਵੋਕੇਟ ਜਨਰਲ ਪੰਜਾਬ ਅਤੇ ਸ.ਗੁਰਦੀਪ ਸਿੰਘ ਚੜੂਨੀ ਵੀ ਹਾਜ਼ਰ ਸਨ ਇਸ ਸਮੇਂ ਕਿਸਾਨੀ ਜਵਾਨੀ ਅਤੇ ਪੰਥਕ ਹਾਲਾਤਾਂ ਬਾਰੇ ਵਿਸਥਾਰ ਪੂਰਵਕ ਵਿਚਾਰਾਂ ਹੋਈਆਂ।



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਮੀਰੀ ਪੀਰੀ ਮੈਡੀਕਲ ਹਸਪਤਾਲ ਵਿੱਚ ਬਾਦਲ ਪਰਿਵਾਰ

# ਕਰੋੜਾਂ ਦੀ ਲੁੱਟ ਤੁਰੰਤ ਬੰਦ ਕਰਕੇ ਹਰਿਆਣਾ ਕਮੇਟੀ ਦੇ ਹਵਾਲੇ ਕਰੇ ਪ੍ਰਬੰਧ - ਹਰਿਆਣਾ ਕਮੇਟੀ ਆਗੂ

## ਬਾਦਲ ਭਜਾਓ ਮੀਰੀ ਪੀਰੀ ਕਾਲਜ ਹਰਿਆਣਾ ਕਮੇਟੀ ਬਚਾਓ ਨੁਮਾਇੰਦਾ ਇਕੱਠ ਹੋਵੇਗਾ 12 ਅਪ੍ਰੈਲ ਨੂੰ ਗੁਰਦੁਆਰਾ ਦਾਦੂ ਸਾਹਿਬ ਵਿਖੇ










ਮੀਰੀ ਪੀਰੀ ਮੈਡੀਕਲ ਕਾਲਜ ਅਤੇ ਹਸਪਤਾਲ ਗੁਰਦੁਆਰਾ ਮਸਤਗੜ ਸਾਹਿਬ ਸ਼ਾਹਬਾਦ ਮਾਰਕੰਡਾ ਦੀ 21 ਏਕੜ ਜ਼ਮੀਨ ਉੱਪਰ ਬਣਿਆ ਹੋਇਆ ਹੈ ਜਿਸ ਉੱਪਰ ਬਾਦਲ ਪ੍ਰੀਵਾਰ ਵੱਲੋਂ ਸ਼੍ਰੋਮਣੀ ਕਮੇਟੀ ਦੇ ਰਾਹੀਂ ਆਪਣਾ ਪਰਿਵਾਰਕ ਅਤੇ ਚਹੇਤਿਆਂ ਦਾ ਟਰੱਸਟ ਬਣਾਕੇ ਗੈਰ ਕਾਨੂੰਨੀ ਕਬਜ਼ਾ ਕਰਕੇ ਕਰੋੜਾਂ ਦੀ ਲੁੱਟ ਕੀਤੀ ਜਾ ਰਹੀ ਹੈ ਅਤੇ ਸਿੱਖ ਸੰਗਤਾਂ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ ਅਜਿਹੀ ਘਿਣਾਉਣੀ ਕਾਰਵਾਈ ਨੂੰ ਤੁਰੰਤ ਬੰਦ ਕਰਕੇ ਬਾਦਲ ਪ੍ਰੀਵਾਰ ਮੀਰੀ ਪੀਰੀ ਹਸਪਤਾਲ ਅਤੇ ਕਾਲਜ ਦਾ ਪ੍ਰਬੰਧ ਤੁਰੰਤ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹਵਾਲੇ ਕਰੇ ਕਿਉਂਕਿ ਹੁਣ ਗੁਰਦੁਆਰਾ ਮਸਤਗੜ ਸਾਹਿਬ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਚੱਲ ਰਿਹਾ ਹੈ ਅੱਜ ਸੂਰਿਆ ਸਕੂਲ ਅੰਬਾਲਾ ਵਿੱਚ ਹਰਿਆਣਾ ਦੀ ਸਿੱਖ ਸੰਗਤ ਅਤੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ ਮੈਂਬਰ ਸਾਹਿਬਾਨਾਂ ਦੀ ਇਕ ਮੀਟਿੰਗ ਹੋਈ ਜਿਸ ਤੋਂ ਬਾਅਦ ਹਰਿਆਣਾ ਦੀ ਸਿੱਖ ਸੰਗਤ ਅਤੇ ਹਰਿਆਣਾ ਕਮੇਟੀ ਦੇ ਅਹੁਦੇਦਾਰ ਮੈਂਬਰ ਸਾਹਿਬਾਨਾਂ ਨੇ ਇੱਕ ਲਿਖਤੀ ਪ੍ਰੈਸਨੋਟ ਜਾਰੀ ਕਰਦਿਆਂ ਇਨਾਂ ਵਿਚਾਰਾਂ ਦਾ ਪ੍ਰਗਟਾਵਾ ਕੀਤਾ ਮੀਰੀ ਪੀਰੀ ਮੈਡੀਕਲ ਕਾਲਜ ਅਤੇ ਹਸਪਤਾਲ ਦੇ ਪ੍ਰਬੰਧ ਬਾਰੇ ਚੱਲ ਰਹੇ ਪਰਕਰਨ ਵਿੱਚ ਅੱਜ ਦੀ ਮੀਟਿੰਗ ਦਾ ਪ੍ਰਬੰਧ ਅੰਬਾਲਾ ਤੋਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨੌਜਵਾਨ ਮੈਂਬਰ ਐਡਵੋਕੇਟ ਗੁਰਤੇਜ ਸਿੰਘ ਅੰਬਾਲਾ ਨੇ ਕੀਤਾ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦਾ ਅੰਬਾਲਾ ਪੁੱਜਣ ਦਾ ਸੁਣ ਕੇ ਆਸ ਪਾਸ ਦੇ ਸਿੱਖਾਂ ਵਿੱਚ ਭਾਰੀ ਉਤਸ਼ਾਹ ਪੈਦਾ ਹੋ ਗਿਆ ਅਤੇ ਮੀਟਿੰਗ ਜਲਸੇ ਦਾ ਰੂਪ ਧਾਰਨ ਕਰ ਗਈ ਜਿਸ ਵਿੱਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸ.ਗੁਰਮੀਤ ਸਿੰਘ ਰਾਮਸਰ ਸੀਨੀਅਰ ਮੀਤ ਪ੍ਰਧਾਨ,ਸ. ਗੁਰਬੀਰ ਸਿੰਘ ਤਲਾਕੌਰ ਜੂਨੀਅਰ ਮੀਤ ਪ੍ਰਧਾਨ,ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ,ਸ. ਦੀਦਾਰ ਸਿੰਘ ਨਲਵੀ ਸੀਨੀਅਰ ਮੈਂਬਰ,ਬੀਬੀ ਕਰਤਾਰ ਕੌਰ ਸ਼ਾਹਬਾਦ ਮਾਰਕੰਡਾ ਸੀਨੀਅਰ ਮੈਂਬਰ,ਜਥੇਦਾਰ ਸਵਰਨ ਸਿੰਘ ਬੁੰਗਾ ਟਿੱਬੀ ਮੈਂਬਰ ਪੰਚਕੂਲਾ,ਸ. ਰਜਿੰਦਰ ਬਰਾੜਾ ਮੈਂਬਰ,ਸਰਪੰਚ ਭੁਪਿੰਦਰ ਸਿੰਘ ਲਾਡੀ ਪ੍ਰਧਾਨ ਮੈਂਬਰ ਪ੍ਰਤੀਨਿਧ ਬੀਬੀ ਕਪੂਰ ਕੌਰ ਸੌਂਕੜਾ,ਜਥੇਦਾਰ ਬਲਦੇਵ ਸਿੰਘ ਹਾਬੜੀ ਕੈਂਥਲ ਮੈਂਬਰ,ਜਥੇਦਾਰ ਸੁਖਵਿੰਦਰ ਸਿੰਘ ਮੰਡੇਬਰ ਸਾਬਕਾ ਜਰਨਲ ਸਕੱਤਰ,ਸ.ਕਾਬਲ ਸਿੰਘ ਵਿਰਕ ਸਾਬਕਾ ਮੈਂਬਰ ਸ.ਇੰਦਰਜੀਤ ਸਿੰਘ ਵਾਸਦੇਵਾ ਸਾਬਕਾ ਮੈਂਬਰ ਹਾਜ਼ਰ ਸਨ ਸਾਰੇ ਆਗੂਆਂ ਨੇ ਇੱਕਮੱਤ ਹੋ ਕੇ ਕਿਹਾ ਕੇ ਜੋ 7 ਤਰੀਕ ਨੂੰ ਮੀਰੀ ਪੀਰੀ ਮੈਡੀਕਲ ਕਾਲਜ ਅਤੇ ਹਸਪਤਾਲ ਵਿੱਚ ਬਾਦਲ ਦਲ ਵੱਲੋਂ ਗੈਰ ਕਾਨੂੰਨੀ ਇਕੱਠ ਕਰਕੇ ਹਰਿਆਣਾ ਦੀ ਸਿੱਖ ਸੰਗਤ ਨੂੰ ਲਲਕਾਰਿਆ ਗਿਆ ਹੈ ਇਸ ਦਾ ਜਵਾਬ ਹਰਿਆਣਾ ਦੀਆਂ ਸੰਗਤਾਂ ਅਤੇ ਹਰਿਆਣਾ ਕਮੇਟੀ ਵੱਲੋਂ ਸ਼ਾਂਤਮਈ ਕਨੂੰਨੀ ਤਰੀਕੇ ਨਾਲ ਦਿੱਤਾ ਜਾਵੇਗਾ ਅੱਜ ਮੀਟਿੰਗ ਵਿੱਚ ਹਾਜ਼ਰ ਹਰਿਆਣਾ ਕਮੇਟੀ ਦੇ ਸਮੂੰਹ ਅਹੁਦੇਦਾਰ ਮੈਂਬਰ ਸਾਹਿਬਾਨਾਂ ਅਤੇ ਸਿੱਖ ਸੰਗਤ ਨੇ ਕਿਹਾ ਕੇ ਪਹਿਲਾਂ ਵੀ 20 ਮਾਰਚ ਨੂੰ ਬਾਦਲ ਦਲ ਦੇ ਸਮਰਥਕ ਲੱਠਮਾਰਾਂ ਵੱਲੋਂ ਹੰਗਾਮਾ ਨਾਹਰੇਬਾਜੀ ਕਰਕੇ ਮੀਰੀ ਪੀਰੀ ਕਾਲਜ ਅਤੇ ਹਸਪਤਾਲ ਦਾ ਮਾਹੌਲ ਖ਼ਰਾਬ ਕੀਤਾ ਗਿਆ ਸੀ ਅਤੇ ਹਰਿਆਣਾ ਕਮੇਟੀ ਦੇ ਮੀਤ ਪ੍ਰਧਾਨ ਗੁਰਬੀਰ ਸਿੰਘ ਤਲਾਕੌਰ ਤੇ ਜਾਨਲੇਵਾ ਹਮਲਾ ਅਤੇ ਉਸ ਦੀ ਦਸਤਾਰ ਨੂੰ ਉਛਾਲਿਆ ਗਿਆ ਨਾਮ ਜਪਣ ਵਾਲੇ ਸਿੱਖਾਂ ਨੂੰ ਧੱਕੇ ਮਾਰੇ ਗਏ ਸਨ ਇਸ ਗੁਨਾਹ ਦੀ ਸਜ਼ਾ ਵਾਹਿਗੁਰੂ ਵਲੋਂ ਬਾਦਲ ਦਲ ਦੇ ਸਮਰਥਕਾਂ ਨੂੰ ਜਰੂਰ ਮਿਲੇਗੀ ਅਤੇ ਹਰਿਆਣਾ ਸਰਕਾਰ ਪੁਲਿਸ ਪ੍ਰਸ਼ਾਸਨ ਵੱਲੋਂ 20 ਮਾਰਚ ਨੂੰ ਬਾਦਲ ਦਲੀਆਂ ਵਲੋਂ ਕੀਤੇ ਜਾਨਲੇਵਾ ਹਮਲੇ ਵਾਲੀ ਘਟਨਾ ਦੀ ਪੂਰੀ ਛਾਣਬੀਣ ਕਰਕੇ ਜੋ 28 ਮਾਰਚ ਨੂੰ ਦੋਸ਼ੀਆਂ ਖਿਲਾਫ 137 ਨੰਬਰ ਐਫ ਆਈ ਆਰ ਦਰਜ ਕੀਤੀ ਗਈ ਸੀ ਇੰਨੇ ਦਿਨ ਬੀਤ ਜਾਣ ਦੇ ਬਾਵਜੂਦ ਵੀ ਕਿਸੇ ਦੋਸ਼ੀ ਨੂੰ ਗ੍ਰਿਫਤਾਰ ਨਹੀਂ ਕੀਤਾ ਗਿਆ ਮੀਟਿੰਗ ਵਿੱਚ ਸਮੂੰਹ ਆਗੂਆਂ ਅਤੇ ਸੰਗਤਾਂ ਨੇ ਕਿਹਾ ਕੇ ਹਰਿਆਣਾ ਪੁਲਿਸ 20 ਮਾਰਚ ਦੀ ਘਟਨਾ ਦੇ ਦੋਸ਼ੀ ਬਾਦਲ ਦਲ ਦੇ ਸਮਰਥਕਾਂ ਜਿਨਾਂ ਨੇ ਹਸਪਤਾਲ ਦਾ ਮਾਹੌਲ ਖਰਾਬ ਕੀਤਾ ਅਤੇ ਪ੍ਰਬੰਧ ਬਾਰੇ ਸ਼ਾਂਤਮਈ ਚਲਦੀ ਗੱਲਬਾਤ ਉੱਤੇ ਹਮਲਾਵਰ ਬਣਕੇ ਬਾਦਲ ਦਲ ਦੇ ਨਰੈਣੂ ਮਹੰਤ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਵਾਈਸ ਪ੍ਰਧਾਨ ਰਘੂਜੀਤ ਸਿੰਘ ਵਿਰਕ ਅਤੇ ਮੈਂਬਰ ਨਕਲੀ ਨਿਹੰਗ ਪੂਹਲਾ ਬਲਦੇਵ ਸਿੰਘ ਕਿਆਮਪੁਰ ਦੀ ਅਗਵਾਈ ਵਿੱਚ ਲੱਠਮਾਰਾਂ ਨੇ ਹਮਲਾ ਕੀਤਾ ਸੀ ਉਨਾਂ ਦੋਸ਼ੀ ਵਿਅਕਤੀਆਂ ਖਿਲਾਫ਼ ਹਰਿਆਣਾ ਪੁਲਿਸ ਵੱਲੋਂ ਨਰਮਾਈ ਕਿਉਂ ਵਰਤੀ ਜਾ ਰਹੀ ਹੈ ਹਸਪਤਾਲ ਦੀ 20 ਮਾਰਚ ਦੀ ਸਾਰੀ ਸੀਸੀਟੀਵੀ ਫੁਟੇਜ ਅਤੇ ਸੋਸ਼ਲ ਮੀਡੀਆ ਉੱਪਰ ਵਾਇਰਲ ਵੀਡੀਓ ਕਲਿੱਪਾਂ ਵਿੱਚ ਸਾਰੇ ਦੋਸ਼ੀਆਂ ਦੀ ਪਛਾਣ ਹੋ ਚੁੱਕੀ ਹੈ ਫਿਰ ਵੀ ਹਰਿਆਣਾ ਪੁਲਿਸ ਵੱਲੋਂ ਉਨਾਂ ਨੂੰ ਗ੍ਰਿਫਤਾਰ ਕਰਨ ਵਿੱਚ ਦੇਰੀ ਕਿਉਂ ਵਰਤੀ ਜਾ ਰਹੀ ਹੈ ਦੋਸ਼ੀਆਂ ਵਿਰੁੱਧ ਕਾਰਵਾਈ ਤੋਂ ਵਰਤੀ ਜਾ ਰਹੀ ਦੇਰੀ ਕਾਰਨ ਹਰਿਆਣਾ ਦੀਆਂ ਸਿੱਖ ਸੰਗਤਾਂ ਅਤੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਭਾਰੀ ਰੋਸ਼ ਹੈ ਉਨਾਂ ਨੇ ਕਿਹਾ ਕੇ ਅੱਜ ਸਮਾਂ ਹੈ ਹਰਿਆਣਾ ਕਮੇਟੀ ਪੱਖੀ ਸਮੂੰਹ ਮੈਂਬਰ ਸਾਹਿਬਾਨਾਂ ਨੂੰ ਇੱਕਜੁੱਟਤਾ ਦਿਖਾ ਕੇ ਆਪਣੀ ਸੰਸਥਾ ਮੀਰੀ ਪੀਰੀ ਮੈਡੀਕਲ ਕਾਲਜ ਤੇ ਹਸਪਤਾਲ ਦਾ ਪ੍ਰਬੰਧ ਲੈਣਾ ਚਾਹੀਦਾ ਹੈ ਹਰਿਆਣਾ ਕਮੇਟੀ ਦੇ ਅਹੁਦੇਦਾਰ ਅਤੇ ਮੈਂਬਰ ਹੋ ਕੇ ਪੰਥ ਵਿਰੋਧੀ ਬਾਦਲ ਪ੍ਰੀਵਾਰ ਦੀ ਗੁਲਾਮੀ ਨਹੀਂ ਕਰਨੀ ਚਾਹੀਦੀ ਮੀਟਿੰਗ ਵਿੱਚ ਹਾਜ਼ਰ ਸਿੱਖ ਆਗੂਆਂ ਅਤੇ ਹਰਿਆਣਾ ਦੀ ਸਿੱਖ ਸੰਗਤਾਂ ਵੱਲੋਂ 7 ਮਾਰਚ ਨੂੰ ਮੀਰੀ ਪੀਰੀ ਮੈਡੀਕਲ ਕਾਲਜ ਅਤੇ ਹਸਪਤਾਲ ਕੰਪਲੈਕਸ ਵਿੱਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਧਾਮੀ ਅਤੇ ਬਾਕੀ ਬਾਦਲ ਪ੍ਰੀਵਾਰ ਦੇ ਹੱਥ-ਠੋਕੇ ਗੁਲਾਮ ਜ਼ਰਖਰੀਦ ਟੁੱਚਲ ਜਿਹੇ ਬੁਲਾਰਿਆਂ ਵਲੋਂ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਖਿਲਾਫ਼ ਸੌੜੀ ਸੋਚ ਅਤੇ ਈਰਖਾ ਵੱਸ ਵਰਤੀ ਗਈ ਸ਼ਬਦਾਵਲੀ ਦੀ ਵੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ ਸਿੱਖ ਆਗੂਆਂ ਨੇ 12 ਅਪ੍ਰੈਲ ਐਤਵਾਰ ਨੂੰ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਵਿਖੇ ਦਿਨੇ 12 ਤੋਂ 3 ਵਜੇ ਤੱਕ "ਬਾਦਲ ਭਜਾਓ ਮੀਰੀ ਪੀਰੀ ਕਾਲਜ ਹਰਿਆਣਾ ਕਮੇਟੀ ਬਚਾਓ" ਪੂਰੇ ਹਰਿਆਣਾ ਵਿੱਚੋਂ ਪੰਜ ਸੱਤ ਸੌ ਨੁਮਾਇੰਦਾ ਸਿੱਖਾਂ ਦੀ ਪੰਥਕ ਇਕੱਤਰਤਾ ਕੀਤੀ ਜਾਵੇਗੀ ਪੂਰੇ ਹਰਿਆਣਾ ਵਿੱਚ ਬਾਰਵੀਂ ਜਮਾਤ ਚੋਂ ਟੌਪਰ ਕਰਨ ਵਾਲੇ ਸਰਕਾਰੀ ਸਕੂਲ ਦੇ ਸਿੱਖ ਨੌਜਵਾਨ ਵਿਦਿਆਰਥੀ ਅਰਪਨਦੀਪ ਸਿੰਘ ਕੈਂਥਲ ਨੂੰ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਆਪਣੇ ਪਰਿਵਾਰਕ ਸੁੱਖ ਸੇਵਾ ਸਿਮਰਨ ਟਰੱਸਟ ਵੱਲੋਂ 2 ਲੱਖ ਰੁਪਈਏ ਉਚੇਰੀ ਸਿੱਖਿਆ ਪ੍ਰਾਪਤ ਕਰਨ ਲਈ ਨਕਦ ਦਿੱਤੇ ਅੱਜ ਦੀ ਮੀਟਿੰਗ ਵਿੱਚ ਅੰਬਾਲਾ ਦੇ ਵੱਖ ਵੱਖ-ਵੱਖ ਗੁਰਦੁਆਰਿਆਂ ਅਤੇ ਸਭਾ ਸੁਸਾਇਟੀਆਂ ਦੇ ਨੁਮਾਇੰਦੇ ਵੱਡੀ ਗਿਣਤੀ ਵਿੱਚ ਸ.ਅੰਗਰੇਜ਼ ਸਿੰਘ ਖਾਨਪੁਰ,ਸ. ਰਾਮ ਸਿੰਘ ਸੰਧੂ ਮੋਹੜੀ,ਸ.ਨੈਬ ਸਿੰਘ ਸੰਧੂ,ਸ. ਕਾਲਾ ਬਾਬਾ ਭਾਨੋਖੇੜੀ.ਸ. ਤ੍ਰਿਲੋਚਨ ਸਿੰਘ ਬਲਾਨਾ,ਸ.ਦਰਸ਼ਨ ਸਿੰਘ ਪ੍ਰਧਾਨ ਗੁਰੂਦੁਆਰਾ ਸਿੰਘ ਸਭਾ ਸੈਨਿਕ ਵਿਹਾਰ ਜੰਡਲੀ,ਸ.ਗੁਰਦਿਆਲ ਸਿੰਘ ਲਾਂਬਾ ਸੈਕਟਰੀ ਸਿੰਘ ਸਭਾ ਧੂਲਕੋਟ ਕਾਲੋਨੀ,ਜਥੇਦਾਰ ਰਜਿੰਦਰ ਸਿੰਘ ਬਕਾਲਾ,ਗੁਰਲਾਲ ਸਿੰਘ ਰੱਤਕ,ਨਿਰਵੈਰ ਸਿੰਘ ਰੱਤਕ,ਭੁਪਿੰਦਰ ਸਿੰਘ ਚੱਕੂ ਲਦਾਨਾਂ,ਲਖਵਿੰਦਰ ਸਿੰਘ ਸਤਗੋਲੀ,ਹਨੀ ਸਿੰਘ ਅੰਬਾਲਾ,ਸੁਖਵਿੰਦਰ ਸਿੰਘ ਬਿੱਟਾ ਵੀ ਪੁੱਜੇ ਹੋਏ ਸਨ। ••

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਪਿੰਡ ਭੜੀ ਵਿਖੇ ਧੰਨਾ ਭਗਤ ਦੀ ਯਾਦ ਵਿੱਚ

# ਫਰੀ ਮੈਡੀਕਲ ਚੈੱਕ ਅਪ ਕੈਂਪ ਲਗਾਇਆ




**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਭਗਤ ਧੰਨਾ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਅਤੇ ਸੰਗਰੂਰ ਇੰਡਸਟਰੀ ਚੈਂਬਰ ਦੇ ਸਹਿਯੋਗ ਦੇ ਨਾਲ ਸਰਪੰਚ ਗੁਰਜੰਟ ਸਿੰਘ ਭੜੀ ਪ੍ਰਧਾਨ ਸੰਗਰੂਰ ਇੰਡਸਟਰੀ ਚੈਂਬਰ ਰਜਿ ਧੂਰੀ ਦੀ ਯੋਗ ਅਗਵਾਈ ਹੇਠ . ਦਿੱਲੀ ਮਲਟੀ ਸਪੈਸ਼ਿਲਸਟ ਸੰਗਰੂਰ ਹਸਪਤਾਲ ਦੀ ਟੀਮ ਵੱਲੋਂ ਫਰੀ ਮੈਡੀਕਲ ਚੈੱਕਅੱਪ ਕੈਂਪ ਗੁਰਦੁਆਰਾ ਪਰਮੇਸ਼ਰ ਦੁਆਰ ਸਾਹਿਬ ਪਿੰਡ ਭੜੀ ਵਿਖੇ ਲਗਾਇਆ ਗਿਆ। ਜਿਸ ਵਿੱਚ ਡਾਕਟਰ ਰੁਪਿੰਦਰ ਗਰਗ ਪੇਟ ਦੇ ਰੋਗਾਂ ਦੇ ਮਾਹਰ, ਡਾਕਟਰ ਆਸਥਾ ਗਰਗ ਜਨਾਨਾ ਰੋਗਾਂ ਅਤੇ ਬੱਚੇਦਾਨੀ ਦੀ ਰਸੌਲੀ ਦੇ ਮਾਹਰ, ਡਾਕਟਰ ਦੀਕਸ਼ਾ ਗਰਗ ਦੰਦਾਂ ਦੀ ਆਰਸੀਟੀ ਅਤੇ ਬੱਚਿਆਂ ਦੇ ਦੰਦਾਂ ਦੇ ਮਾਹਰ ਡਾਕਟਰ ਇਸ ਚੈੱਕਅੱਪ ਕੈਂਪ ਦੇ ਵਿੱਚ ਵਿਸ਼ੇਸ਼ ਤੌਰ ਤੇ ਪਹੁੰਚੇ ਅਤੇ ਉਹਨ ਦੇ ਨਾਲ ਡਾਕਟਰ ਹਰਮੀਤ ਵੱਲੋਂ ਹਰ ਤਰ੍ਹਾਂ ਦੇ ਕੈਂਸਰ ਅਤੇ ਕੀਮੋਥਰੈਪੀ ਅਤੇ ਕੈਂਸਰ ਤੋਂ ਬਚਣ ਦੇ ਉਪਾਅ ਬਾਰੇ ਜਾਣਕਾਰੀ ਦਿੱਤੀ ਗਈ। ਇਸ ਕੈਂਪ ਵਿੱਚ ਬਜ਼ੁਰਗਾਂ ਦੇ ਗੋਡਿਆਂ ਦਾ ਚੈੱਕਅੱਪ ਫਰੀ ਕੀਤਾ ਗਿਆ ਅਤੇ ਦਵਾਈਆਂ ਵੀ ਫਰੀ ਦਿੱਤੀਆਂ ਗਈਆਂ । ਇਸ ਮੌਕੇ ਸੰਗਰੂਰ ਇੰਡਸਟਰੀ ਚੈਂਬਰ ਤੇ ਚੇਅਰਮੈਨ ਕੁਲਦੀਪ ਸਿੰਘ ਬੁੱਟਰ ਸੰਗਰੂਰ ਇੰਡਸਟਰੀ ਚੈਂਬਰ ਦੇ ਸਰਪ੍ਰਸਤ ਬਲਜੀਤ ਸਿੰਘ, ਸਾਬਕਾ ਸਰਪੰਚ ਸੁਖਦੀਪ ਸਿੰਘ ਚੀਮਾ, ਗੁਰਪ੍ਰੀਤ ਸਿੰਘ ਪੰਚ, ਜਸਵੰਤ ਸਿੰਘ ਪੰਚ, ਸਰਬਜੀਤ ਸਿੰਘ ਪੰਚ, ਗੋਲਡੀ ਪੰਚ ,ਦੀਪਕ ਗਰਗ, ਸੁਰਿੰਦਰ ਸਿੰਘ ਪੰਚ, ਬਿੰਨੀ ਗਰਗ, ਸੋਮਾ ਖਜਾਨਚੀ, ਪੱਤਰਕਾਰ ਵਿਨੋਦ ਬੱਬੂ, ਸਮਾਜ ਸੇਵੀ ਰਾਜਵੀਰ ਧੂਰੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਅਕਾਲੀ ਦਲ "ਵਾਰਿਸ ਪੰਜਾਬ ਦੇ" ਦਾ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ 'ਤੇ ਤਿੱਖਾ ਵਾਰ, ਪੰਜਾਬ ਦੇ ਹੱਕਾਂ ਦੀ ਲੁੱਟ ਹੁਣ ਹੋਰ ਬਰਦਾਸ਼ਤ ਨਹੀਂ ਹੋਵੇਗੀ : ਬਾਪੂ ਤਰਸੇਮ ਸਿੰਘ

# "ਅਕਾਲੀ ਦਲ ਵਾਰਿਸ ਪੰਜਾਬ ਦੇ ਤੁਹਾਡੀਆਂ ਉਮੀਦਾਂ ਤੇ ਖ਼ਰਾ ਉਤਰੇਗਾ : ਭਾਈ ਸੁਰਿੰਦਰਪਾਲ ਸਿੰਘ

**ਅਜਨਾਲਾ 8 ਮਾਰਚ (ਆਵਾਜ਼ਿ ਕੌਮ ਬਿਊਰੋ )**-ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰਾ ਦੀ ਅਗਵਾਈ ਵਿੱਚ ਅੰਮ੍ਰਿਤਸਰ ਦੇ ਹਲਕਾ ਅਜਨਾਲਾ ਦੇ ਪਿੰਡ ਗੱਗੋਮਾਹਲ ਵਿਖੇ ਇਕ ਵਿਸ਼ਾਲ ਅਤੇ ਇਤਿਹਾਸਕ ਇਕੱਠ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਇਲਾਕੇ ਦੀ ਸੰਗਤ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕਰਕੇ ਪਾਰਟੀ ਪ੍ਰਤੀ ਆਪਣਾ ਭਰੋਸਾ ਜਤਾਇਆ। ਇਸ ਮੌਕੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਸਤਿਕਾਰਯੋਗ ਬਾਪੂ ਤਰਸੇਮ ਸਿੰਘ ਜੀ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ ਅਤੇ ਉਨ੍ਹਾਂ ਵੱਲੋਂ ਸੰਗਤ ਦੇ ਠਾਠਾਂ ਮਾਰਦੇ ਇਕੱਠ ਨੂੰ ਸੰਬੋਧਨ ਕੀਤਾ ਗਿਆ। ਬਾਪੂ ਤਰਸੇਮ ਸਿੰਘ ਜੀ ਨੇ ਆਪਣੇ ਸੰਬੋਧਨ ਦੌਰਾਨ ਮੌਜੂਦਾ ਸਰਕਾਰ ਦੀਆਂ ਨੀਤੀਆਂ 'ਤੇ ਤਿੱਖੀ ਚੋਟ ਕਰਦਿਆਂ ਕਿਹਾ ਕਿ ਅੱਜ ਪੰਜਾਬ ਹਰ ਪੱਖੋਂ ਪੀੜਤ ਹੈ। ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਦੇ ਅਸਲ ਮੁੱਦਿਆਂ ਨੂੰ ਹੱਲ ਕਰਨ ਵਿੱਚ ਪੂਰੀ ਤਰ੍ਹਾਂ ਨਾਕਾਮ ਰਹੀ ਹੈ ਅਤੇ ਸਿਰਫ਼ ਦਾਅਵੇ ਕਰਕੇ ਲੋਕਾਂ ਨੂੰ ਭਰਮਾਇਆ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਨੌਜਵਾਨੀ ਨੂੰ ਰੋਜ਼ਗਾਰ ਦੇਣ ਦੀ ਬਜਾਏ ਨਸ਼ਿਆਂ ਵੱਲ ਧੱਕਿਆ ਜਾ ਰਿਹਾ ਹੈ, ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਮੰਗਾਂ ਨੂੰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ ਅਤੇ ਸਿੱਖ ਕੌਮ ਦੇ ਸੰਵੈਧਾਨਕ ਹੱਕਾਂ 'ਤੇ ਲਗਾਤਾਰ ਹੱਲਾ ਬੋਲਿਆ ਜਾ ਰਿਹਾ ਹੈ। ਉਨ੍ਹਾਂ ਹੋਰ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਇੱਕ ਐਸੀ ਲਹਿਰ ਹੈ ਜੋ ਪੰਜਾਬ ਦੀ ਅਸਲੀ ਆਵਾਜ਼ ਨੂੰ ਉਭਾਰਨ ਲਈ ਖੜੀ ਹੋਈ ਹੈ ਅਤੇ ਇਹ ਪਾਰਟੀ ਪੰਜਾਬੀਆ ਨਾਲ ਹੋ ਰਹੀ ਹਰ ਤਰਾਂ ਦੀ ਧੱਕੇਸ਼ਾਹੀ, ਜ਼ੁਲਮ ਜਾਂ ਅਨਿਆਂ ਦੇ ਖਿਲਾਫ਼ ਡੱਟ ਕੇ ਖੜੀ ਰਹੇਗੀ। ਬਾਪੂ ਤਰਸੇਮ ਸਿੰਘ ਜੀ ਨੇ ਸੰਗਤ ਨੂੰ ਅਪੀਲ ਕੀਤੀ ਕਿ ਉਹ ਆਪਣੇ ਹੱਕਾਂ ਦੀ ਲੜਾਈ ਲਈ ਇਕੱਠੇ ਹੋਣ ਅਤੇ ਪੰਥਕ ਸੋਚ ਨੂੰ ਮਜ਼ਬੂਤ ਕਰਨ। ਇਸ ਮੌਕੇ ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅਜਨਾਲਾ ਦੀ ਧਰਤੀ ਹਮੇਸ਼ਾਂ ਸੰਘਰਸ਼ਾਂ ਦੀ ਗਵਾਹ ਰਹੀ ਹੈ ਅਤੇ ਇੱਥੋਂ ਦੇ ਲੋਕ ਸੱਚ ਅਤੇ ਹੱਕ ਦੀ ਲੜਾਈ ਵਿੱਚ ਕਦੇ ਪਿੱਛੇ ਨਹੀਂ ਹਟੇ। ਉਨ੍ਹਾਂ ਸੰਗਤ ਨੂੰ ਪੂਰਨ ਵਿਸ਼ਵਾਸ ਦਵਾਇਆ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਹਰੇਕ ਵਰਗ ਦੀ ਆਵਾਜ਼ ਬਣਕੇ ਉਭਰੇਗਾ ਅਤੇ ਹਲਕੇ ਦੇ ਹਰ ਇਕ ਵਿਅਕਤੀ ਦੇ ਮਸਲਿਆਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਸੰਘਰਸ਼ ਕਰੇਗਾ।






ਉਨ੍ਹਾਂ ਕਿਹਾ ਕਿ ਪਾਰਟੀ ਦਾ ਹਰ ਵਰਕਰ ਲੋਕਾਂ ਦੀ ਸੇਵਾ ਲਈ ਵਚਨਬੱਧ ਹੈ ਅਤੇ ਅਜਨਾਲਾ ਵਿੱਚ ਇਕ ਨਵੀਂ ਰਾਜਨੀਤਿਕ ਤਾਕਤ ਦੇ ਰੂਪ ਵਿੱਚ ਪਾਰਟੀ ਨੂੰ ਮਜ਼ਬੂਤ ਕੀਤਾ ਜਾਵੇਗਾ। ਇਸ ਵਿਸ਼ਾਲ ਇਕੱਠ ਦੌਰਾਨ ਮੌਜੂਦ ਸੀਨੀਅਰ ਲੀਡਰਸ਼ਿਪ ਵਿੱਚ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਜਗਨੰਦਨ ਸਿੰਘ, ਭਾਈ ਪਲਵਿੰਦਰ ਸਿੰਘ, ਭਾਈ ਜੁਗਰਾਜ ਸਿੰਘ ਲਾਲਾਨੰਗਲ, ਐਡਵੋਕੇਟ ਅਜੇਪਾਲ ਸਿੰਘ ਢਿਲੋਂ, ਬਾਬਾ ਬਿਬੇਕ ਸਿੰਘ ਜੀ, ਭਾਈ ਜਤਿੰਦਰ ਸਿੰਘ ਮਹਿਤਾ, ਭਾਈ ਨਾਥਵਿੰਦਰ ਸਿੰਘ ਮਜੀਠਾ, ਭਾਈ ਬਲਜਿੰਦਰ ਸਿੰਘ ਬਾਜਵਾ, ਭਾਈ ਸਰਬਜੀਤ ਸਿੰਘ ਜੰਮੂ, ਭਾਈ ਜਸਕਰਨ ਸਿੰਘ ਰਿਆੜ, ਭਾਈ ਸੁਖਚੈਨ ਸਿੰਘ ਵਿਰਕ, ਭਾਈ ਕੁਲਵਿੰਦਰ ਸਿੰਘ ਵਡਾਲੀ, ਭਾਈ ਜਰਨੈਲ ਸਿੰਘ ਕੋਟ ਖਾਲਸਾ, ਰਜਵੰਤ ਸਿੰਘ ਮਹਿਲਾਂਵਾਲਾ, ਡਾਕਟਰ ਦਰਸ਼ਨ ਸਿੰਘ ਗੁੱਜਰਪੁਰਾ, ਡਾਕਟਰ ਸੁਖਪ੍ਰੀਤ ਸਿੰਘ, ਗੁਰਬੀਰ ਸਿੰਘ ਦੁਦਰਾਏ, ਮਨਜੋਤ ਸਿੰਘ ਪੁਰੇਵਾਲ, ਸਰਤਾਜਪ੍ਰੀਤ ਸਿੰਘ ਪੰਗੂ, ਮੁਨਸ਼ੀ ਸਿੰਘ ਨਿੱਕਾ ਫਤੇਵਾਲ, ਸਾਬਕਾ ਸਰਪੰਚ ਹਰਜੀਤ ਸਿੰਘ, ਹਰਦੀਪ ਸਿੰਘ ਰੂੜੇਵਾਲਾ, ਨਰਿੰਦਰ ਸਿੰਘ ਨਾਸਰ, ਪੱਕਾ ਸਿੰਘ ਬਲੜਵਾਲ, ਮੰਗਲ ਸਿੰਘ ਮਾਛੀਵਾਲਾ, ਸੁਰਜੀਤ ਸਿੰਘ ਕੋਟਲੀ ਕੋਕਾ, ਭਾਈ ਸੁੱਚਾ ਸਿੰਘ ਅਤੇ ਭਾਈ ਨਵਰਾਜ ਸਿੰਘ ਸਮੇਤ ਹੋਰ ਕਈ ਆਗੂ ਅਤੇ ਵਰਕਰ ਸਾਹਿਬਾਨ ਵੱਡੀ ਗਿਣਤੀ ਵਿੱਚ ਮੌਜੂਦ ਸਨ। ਇਕੱਠ ਦੇ ਅਖੀਰ ਵਿੱਚ ਸੰਗਤ ਵੱਲੋਂ ਭਾਰੀ ਜੋਸ਼ ਅਤੇ ਉਤਸ਼ਾਹ ਨਾਲ ਪਾਰਟੀ ਦੇ ਹੱਕ ਵਿੱਚ ਨਾਰੇਬਾਜ਼ੀ ਕੀਤੀ ਗਈ, ਜਿਸ ਨਾਲ ਇਹ ਸਾਫ਼ ਹੋ ਗਿਆ ਕਿ ਪੰਜਾਬ ਵਿੱਚ ਇੱਕ ਨਵੀਂ ਪੰਥਕ ਅਤੇ ਰਾਜਨੀਤਿਕ ਲਹਿਰ ਜਨਮ ਲੈ ਰਹੀ ਹੈ। ਸੰਗਤ ਦੇ ਇਸ ਉਤਸ਼ਾਹ ਨੇ ਦਰਸਾਇਆ ਕਿ ਆਉਣ ਵਾਲੇ ਸਮੇਂ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਪੰਜਾਬ ਦੀ ਰਾਜਨੀਤੀ ਵਿੱਚ ਇੱਕ ਮਜ਼ਬੂਤ ਬਦਲ ਵਜੋਂ ਉਭਰੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਮਾਨ ਸਰਕਾਰ ਦੇ ਚਾਰ ਸਾਲਾਂ ਦੇ ਕੰਮਾਂ ਨਾਲ ਲੋਕ ਸੰਤੁਸ਼ਟ : ਵਿਰਕ, ਗਰੇਵਾਲ, ਬੁੱਟਰ



**ਧੂਰੀ ( ਰਣਜੀਤ ਸਿੰਘ ਪੇਧਨੀ )** -ਆਮ ਆਦਮੀ ਪਾਰਟੀ ਦੇ ਪਿਛਲੇ ਚਾਰ ਸਾਲਾਂ ਦੌਰਾਨ ਕੀਤੇ ਗਏ ਵਿਕਾਸੀ ਕੰਮਾਂ ਨਾਲ ਪੰਜਾਬ ਅਤੇ ਹਲਕਾ ਧੂਰੀ ਦੇ ਲੋਕ ਪੂਰੀ ਤਰ੍ਹਾਂ ਸੰਤੁਸ਼ਟ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ, ਮੁੱਖ ਮੰਤਰੀ ਤੀਰਥ ਯਾਤਰਾਦੇ ਹਲਕਾ ਕੁਆਡੀਨੇਟਰ ਭਿੰਦਾ ਵਿਰਕ ਅਤੇ ਮਾਣਾ ਗਰੇਵਾਲ ਯੂਥ ਕੋਆਰਡੀਨੇਟਰ ਧੂਰੀ ਅਤੇ ਟਰੇਡ ਕਮਿਸ਼ਨ ਦੇ ਮੈਂਬਰ ਕੁਲਦੀਪ ਸਿੰਘ ਬੁੱਟਰ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪਹਿਲਾਂ ਕਈ ਸਰਕਾਰਾਂ ਰਹੀਆਂ ਹਨ, ਪਰ ਜ਼ਿਆਦਾਤਰ ਸਰਕਾਰਾਂ ਨੇ ਚੋਣਾਂ ਦੌਰਾਨ ਕੀਤੇ ਵਾਅਦੇ ਪੂਰੇ ਨਹੀਂ ਕੀਤੇ।2022 ਵਿੱਚ ਲੋਕਾਂ ਨੇ ਬਦਲਾਅ ਲਈ ਆਮ ਆਦਮੀ ਪਾਰਟੀ ਨੂੰ ਸੱਤਾ ਵਿੱਚ ਲਿਆਂਦਾ ਸੀ, ਜਦਕਿ ਵਿਰੋਧੀ ਪਾਰਟੀਆਂ ਵੱਲੋਂ ਸ਼ੁਰੂ ਵਿੱਚ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਉਠਾਏ ਗਏ ਸਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਪੰਜਾਬ ਦੀ ਪਹਿਲੀ ਐਸੀ ਸਰਕਾਰ ਹੈ ਜਿਸ ਨੇ ਆਪਣੇ ਪਹਿਲੇ ਚਾਰ ਸਾਲਾਂ ਵਿੱਚ ਹੀ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕੀਤਾ ਹੈ। ਉਨ੍ਹਾਂ ਕਿਹਾ ਕਿ ਹੁਣ ਵਿਰੋਧੀਆਂ ਕੋਲ ਸਰਕਾਰ ਦੀ ਆਲੋਚਨਾ ਕਰਨ ਲਈ ਕੋਈ ਢੁਕਵਾਂ ਮੁੱਦਾ ਨਹੀਂ ਬਚਿਆ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਸਰਕਾਰ ਦੇ ਕੰਮਾਂ ਨਾਲ ਖੁਸ਼ ਹਨ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਵਿਕਾਸ ਦੀ ਉਮੀਦ ਰੱਖਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮੁੱਖ ਮੰਤਰੀ ਸਹਾਇਤਾ ਕੇਂਦਰ ਵਿਖੇ ਬਣੇ ਨਵੇਂ ਆਮ ਆਦਮੀ ਕਲੀਨਿਕ ਦਾ ਸ਼ਹਿਰ ਵਾਸੀਆਂ ਨੂੰ ਹੋਇਆ ਵੱਡਾ ਲਾਭ

### ਮੁਫ਼ਤ 107 ਦਵਾਈਆਂ ਅਤੇ 47 ਡਾਇਗਨੌਸਟਿਕ ਟੈਸਟਾਂ ਦੀ ਸੁਵਿਧਾ ਨਾਲ ਲੋਕਾਂ ਨੂੰ ਮਿਲ ਰਿਹਾ ਸਿਹਤ ਸੇਵਾਵਾਂ ਦਾ ਲਾਭ




**ਧੂਰੀ (ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਸਹਾਇਤਾ ਕੇਂਦਰ ਧੂਰੀ ਤੇ ਕ੍ਰਾਂਤੀ ਚੌਕ ਨੇੜੇ ਨਵੇਂ ਬਣੇ ਆਮ ਆਦਮੀ ਕਲੀਨਿਕ ਦਾ ਧੂਰੀ ਸ਼ਹਿਰ ਦੇ ਵਸਨੀਕਾਂ ਨੂੰ ਵੱਡਾ ਲਾਭ ਹੋ ਰਿਹਾ ਹੈ, ਜਿਥੇ ਰੋਜ਼ਾਨਾ ਸ਼ਹਿਰ ਵਾਸੀ ਆਪਣੇ ਟੈਸਟ ਕਰਵਾਉਣ ਅਤੇ ਬਿਮਾਰੀ ਦੀ ਦਵਾਈ ਲੈਣ ਲਈ ਪੁੱਜ ਰਹੇ ਹਨ। ਇਸ ਆਮ ਆਦਮੀ ਕਲੀਨਿਕ ਵਿੱਚ ਲੋਕਾਂ ਨੂੰ 107 ਤਰ੍ਹਾਂ ਦੀਆਂ ਮੁਫ਼ਤ ਦਵਾਈਆਂ ਅਤੇ 47 ਕਿਸਮ ਦੇ ਡਾਇਗਨੌਸਟਿਕ ਟੈਸਟ ਮੁਹੱਈਆ ਕਰਵਾਏ ਜਾ ਰਹੇ ਹਨ, ਜਿਸ ਨਾਲ ਸ਼ਹਿਰ ਵਾਸੀਆਂ ਨੂੰ ਸਿਹਤ ਸੇਵਾਵਾਂ ਲਈ ਵੱਡੀ ਸਹੂਲਤ ਪ੍ਰਾਪਤ ਹੋਈ ਹੈ ਅਤੇ ਉਨ੍ਹਾਂ ਦੇ ਸਮੇਂ ਅਤੇ ਪੈਸੇ ਦੀ ਵੀ ਬਚਤ ਹੋ ਰਹੀ ਹੈ। ਜ਼ਿਕਰਯੋਗ ਹੈ ਕਿ ਇਸ ਕਲੀਨਿਕ ਦਾ ਉਦਘਾਟਨ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਵੱਲੋਂ 28 ਮਾਰਚ ਨੂੰ ਵਰਚੁਅਲ ਤਰੀਕੇ ਨਾਲ ਕੀਤਾ ਗਿਆ ਸੀ। ਆਮ ਆਦਮੀ ਕਲੀਨਿਕ ਵਿੱਚ ਤਾਇਨਾਤ ਡਾ. ਰੀਮਸ਼ਾ ਫਾਰੂਕੀ ਨੇ ਦੱਸਿਆ ਕਿ ਕਲੀਨਿਕ ਵਿੱਚ ਰੋਜ਼ਾਨਾ ਵੱਡੀ ਗਿਣਤੀ ਵਿੱਚ ਮਰੀਜ਼ ਪਹੁੰਚ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਮਰੀਜ਼ਾਂ ਨੂੰ ਲੋੜ ਅਨੁਸਾਰ ਟੈਸਟ ਅਤੇ ਇਲਾਜ ਮੁਹੱਈਆ ਕਰਵਾਇਆ ਜਾ ਰਿਹਾ ਹੈ ਅਤੇ ਸਾਰੇ ਮਰੀਜ਼ਾਂ ਨੂੰ ਗੁਣਵੱਤਾ ਯੁਕਤ ਸਿਹਤ ਸੇਵਾਵਾਂ ਦੇਣ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਨੇ ਹੋਰ ਦੱਸਿਆ ਕਿ ਆਮ ਆਦਮੀ ਕਲੀਨਿਕ ਲੋਕਾਂ ਨੂੰ ਉਨ੍ਹਾਂ ਦੇ ਘਰ ਦੇ ਨੇੜੇ ਹੀ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰ ਰਹੇ ਹਨ, ਜਿਸ ਨਾਲ ਸਰਕਾਰੀ ਸਿਹਤ ਪ੍ਰਣਾਲੀ 'ਤੇ ਲੋਕਾਂ ਦਾ ਭਰੋਸਾ ਹੋਰ ਮਜ਼ਬੂਤ ਹੋ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਪ੍ਰਧਾਨ ਗੁਰਮੁੱਖ ਸਿੰਘ ਔਜਲਾ ਡੇਅਰੀਵਾਲ ਨੂੰ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਪੰਜਾਬ ਦੇ ਉਪ ਪ੍ਰਧਾਨ ਬਣਨ ਤੇ ਦਿੱਤੀਆਂ ਮੁਬਾਰਕਾਂ



**ਚੌਕ ਮਹਿਤਾ, ,8 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਆੜ੍ਹਤੀਆ ਐਸੋਸੀਏਸ਼ਨ ਪੰਜਾਬ ਦੇ ਸਰਪ੍ਰਸਤ ਰਵਿੰਦਰ ਸਿੰਘ ਚੀਮਾਂ ਅਤੇ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਦੀ ਅਗਵਾਈ ਵਿੱਚ ਬੀਤੇ ਕੱਲ ਐਸੋਸੀਏਸ਼ਨ ਦੇ ਸੂਬਾ ਪੱਧਰੀ ਢਾਂਚੇ ਦਾ ਐਲਾਨ ਕੀਤਾ ਗਿਆ। ਜਿਸ ਵਿਚ ਜਿਲਾ ਅੰਮ੍ਰਿਤਸਰ ਤੋਂ ਗੁਰਮੁੱਖ ਸਿੰਘ ਔਜਲਾ ਡੇਅਰੀਵਾਲ ਨੂੰ ਆੜ੍ਹਤੀਆ ਐਸੋਸੀਏਸ਼ਨ ਪੰਜਾਬ ਦਾ ਉਪ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਮੌਕੇ ਸ. ਪ੍ਰਧਾਨ ਗੁਰਮੁੱਖ ਸਿੰਘ ਔਜਲਾ ਡੇਅਰੀਵਾਲ ਨੂੰ ਐਸੋਸੀਏਸ਼ਨ ਦੇ ਅਹੁਦੇਦਾਰਾਂ ਵੱਲੋਂ ਵਿਸ਼ੇਸ਼ ਰੂਪ ਵਿਚ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਤੇ ਉਨ੍ਹਾਂ ਦੇ ਸਾਥੀਆਂ ਨੇ ਜ਼ੋਰਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਤੇ ਬਲਜੀਤ ਸਿੰਘ ਸਰਾਂ ਜਨਰਲ ਸਕੱਤਰ ਆਮ ਆਦਮੀ ਪਾਰਟੀ ਪੰਜਾਬ ਐਸੀ ਵਿੰਗ ਸੈਲ, ਸੈਕਟਰੀ ਦਲਜੀਤ ਸਿੰਘ ਬੰਡਾਲਾ, ਮਲੂਕ ਸਿੰਘ ਡੇਅਰੀਵਾਲ, ਸਰਪੰਚ ਜਤਿੰਦਰ ਸਿੰਘ ਬਟਾਲਾ, ਸਰਪੰਚ ਗੁਰਮੁੱਖ ਸਿੰਘ ਡੇਅਰੀਵਾਲ, ਸਰਪੰਚ ਬਲਰਾਜ ਸਿੰਘ ਸਰਾਂ, ਦਵਿੰਦਰਪਾਲ ਸਿੰਘ ਸਰਾਂ, ਮੈਂਬਰ ਸੁਖਦੀਪ ਸਿੰਘ ਕੰਗ , ਸਰਪੰਚ ਬਲਰਾਜ ਸਿੰਘ ਸਰਾਂ, ਸਰਪੰਚ ਸੁਖਵਿੰਦਰ ਸਿੰਘ ਭੱਟੀ ਕੇ ਆਦਿ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨੇ ਪ੍ਰਧਾਨ ਗੁਰਮੁੱਖ ਸਿੰਘ ਔਜਲਾ ਡੇਅਰੀਵਾਲ ਨੂੰ ਮੁਬਾਰਕਾਂ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

### ਸ੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ ਵੈਰੋਨੰਗਲ ਵਿਚ

# ਸਿੱਖ ਮਿਸ਼ਨਰੀ ਕਾਲਜ ਵੱਲੋਂ ਧਾਰਮਿਕ ਪ੍ਰੀਖਿਆ ਦਾ ਨਤੀਜਾ ਰਿਹਾ ਸ਼ਾਨਦਾਰ













ਚੌਕ ਮਹਿਤਾ, 8 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ) ਇਲਾਕੇ ਦੀ ਨਾਮਵਰ ਵਿਦਿਅਕ ਅਦਾਰਾ ਸ੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ ਵੈਰੋਨੰਗਲ ਦੇ ਡਾਇਰੈਕਟਰ ਨਰਿੰਦਰ ਸਿੰਘ ਬਾਠ ਰਾਜਵੰਤ ਸਿੰਘ ਬਾਠ ਅਤੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਸਾਖਸੀ ਬੇਦੀ ਦੀ ਅਗਵਾਈ ਹੇਠ ਸਿੱਖ ਮਿਸ਼ਨਰੀ ਕਾਲਜ ਸਰਕਲ ਬਾਬਾ ਬਕਾਲਾ ਸਾਹਿਬ ਡਾਕਟਰ ਇੰਦਰਜੀਤ ਸਿੰਘ ਅਤੇ ਪ੍ਰਿੰਸੀਪਲ ਰਘਬੀਰ ਸਿੰਘ ਵੱਲੋਂ ਧਾਰਮਿਕ ਪ੍ਰੀਖਿਆ ਦੇ ਜੇਤੂ 40 ਬੱਚੇ ਬੱਚੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਤੇ ਡਾਇਰੈਕਟਰ ਨਰਿੰਦਰ ਸਿੰਘ ਬਾਠ, ਰਾਜਵੰਤ ਕੌਰ ਬਾਠ ਅਤੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਸਾਖਸੀ ਬੇਦੀ ਨੇ ਵਿਦਿਆਰਥੀਆਂ ਨੂੰ ਮੁਬਾਰਕਾਂ ਦਿੰਦੇ ਹੋਏ ਕਿਹਾ ਕਿ ਅੱਗੇ ਵੀ ਇਸੇ ਤਰ੍ਹਾਂ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਗਿਆ ਇਸ ਮੌਕੇ ਤੇ ਮੈਡਮ ਹਰਪ੍ਰੀਤ ਸਿੰਘ ਬਾਠ, ਮੈਡਮ ਰਾਜਬੀਰ ਕੌਰ, ਮੈਡਮ ਨਵਜੋਤ ਕੌਰ, ਮੈਡਮ ਜਸ਼ਨਪ੍ਰੀਤ ਕੌਰ, ਮੈਡਮ ਪ੍ਰਦੀਪ ਕੌਰ, ਮੈਡਮ ਕੋਮਲਪ੍ਰੀਤ ਕੌਰ, ਮੈਡਮ ਅਰਸਦੀਪ ਕੌਰ, ਮੈਡਮ ਹਰਪ੍ਰੀਤ ਕੌਰ, ਮੈਡਮ ਅਮਨਦੀਪ ਕੌਰ, ਮੈਡਮ ਸਿਮਰਨਜੀਤ ਕੌਰ, ਕੋਚ ਜੁਗਰਾਜ ਸਿੰਘ ਚੰਨਣਕੇ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਦਮਦਮੀ ਟਕਸਾਲ ਵੱਲੋਂ 6 ਜੂਨ ਨੂੰ ਸਮਰਪਿਤ ਲੜੀਵਾਰ ਕਥਾ-ਕੀਰਤਨ ਸਮਾਗਮਾਂ ਦੀ ਆਰੰਭਤਾ ਜਲਦ-ਸੰਤ ਗਿਆਨੀ ਹਰਨਾਮ ਸਿੰਘ ਖਾਲਸਾ



**ਚੌਕ ਮਹਿਤਾ,07ਅਪ੍ਰੈਲ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਪ੍ਰਧਾਨ ਸੰਤ ਸਮਾਜ ਦੀ ਰਹਿਨੁਮਾਈ ਹੇਠ ਦਮਦਮੀ ਟਕਸਾਲ ਦੇ ਹੈੱਡ ਕੁਆਟਰ ਗੁ. ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ

ਆਵਾਜ਼ਿ ਕੌਮ AWAZE QAUM International Newspaper & WEB TV

ਜੂਨ '84 ਤੀਸਰੇ ਘੱਲੂਘਾਰੇ 'ਚ ਸ਼ਹੀਦ ਹੋਏ ਕੌਮੀ ਯੋਧਿਆਂ ਦੀ ਸ਼ਹਾਦਤਾਂ ਨੂੰ ਨਤਮਸਤਕ ਹੁੰਦਿਆਂ ਸਮੂਹ ਸਿੰਘਾਂ-ਸਿੰਘਣੀਆਂ ਤੇ ਭੁਝੰਗੀਆਂ ਦੀ ਯਾਦ ਨੂੰ ਸਮਰਪਿਤ ਸਲਾਨਾ ਸ਼ਹੀਦੀ ਜੋੜ ਮੇਲਾ 6 ਜੂਨ ਨੂੰ ਪੂਰੀ ਸ਼ਰਧਾਂ ਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ।ਇਸ ਦੌਰਾਨ ਵੱਖ ਵੱਖ ਨਗਰਾਂ 'ਚ ਮਹੀਨਾ ਭਰ ਸ਼ਬਦ ਕੀਰਤਨ ਤੇ ਕਥਾ ਸਮਾਗਮਾਂ ਰਾਹੀਂ ਗੁਰਮਤਿ ਪ੍ਰਚਾਰ ਕੀਤਾ ਜਾਂਦਾ ਹੈ। ਇਸ ਵਾਰ 6 ਜੂਨ ਨੂੰ ਹੋ ਰਹੇ ਸ਼ਹੀਦੀ ਸਮਾਗਮ ਦੀਆਂ ਤਿਆਰੀਆਂ ਸ਼ੁਰੂ ਹੋ ਚੁੱਕੀਆਂ ਹਨ ਤੇ ਨਗਰਾਂ 'ਚ ਸਜਾਏ ਜਾਣ ਵਾਲੇ ਲੜੀਵਾਰ ਕਥਾ-ਕੀਰਤਨ ਸਮਾਗਮਾਂ ਦੀ ਆਰੰਭਤਾ ਇਸ ਮਹੀਨੇ ਦੇ ਆਖਰੀ ਹਫਤੇ ਤੋਂ ਹੋਣ ਜਾ ਰਹੀ ਹੈ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਪ੍ਰਬੰਧਕਾਂ ਨੇ ਕਿਹਾ ਕਿ 6 ਜੂਨ ਦੇ ਮੁੱਖ ਸਮਾਗਮ ਤੋਂ ਪਹਿਲਾਂ ਲੜੀਵਾਰ ਕਥਾ ਤੇ ਕੀਰਤਨ ਸਮਾਗਮਾਂ ਦੀ ਆਰੰਭਤਾ 1 ਮਈ ਤੋਂ ਕੀਤੀ ਜਾਂਦੀ ਸੀ ਪਰ ਸਮਾਗਮਾਂ ਪ੍ਰਤੀ ਸੰਗਤਾਂ ਦਾ ਉਤਸ਼ਾਹ ਤੇ ਹੋਰ ਬਹੁਤ ਸਾਰੇ ਨਗਰਾਂ ਵੱਲੋਂ ਦੀਵਾਨਾਂ ਦੀ ਮੰਗ ਨੂੰ ਲੈ ਇਸ ਵਾਰ ਇਹ ਦੀਵਾਨ ਪਹਿਲਾਂ ਹੀ ਸ਼ੁਰੂ ਕੀਤੇ ਜਾ ਰਹੇ ਹਨ।ਉਨ੍ਹਾਂ ਨੇ ਨਗਰਾਂ ਦੇ ਜ਼ਿੰਮੇਵਾਰ ਸਿੰਘਾਂ ਤੇ ਮੋਹਤਬਰ ਵਿਅਕਤੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਜੇਕਰ ਕਿਸੇ ਨੇ ਨਗਰ 'ਚ ਗੁਰਮਤਿ ਦੀਵਾਨ ਸਜਾਉਣ ਲਈ ਸਮ੍ਹਾਂ ਲੈਣਾ ਹੋਵੇ ਤਾਂ ਗੁਰਦੁਆਰਾ ਸਾਹਿਬ ਆ ਕੇ ਪ੍ਰਬੰਧਕਾਂ ਨੂੰ ਮਿਲ ਸਕਦਾ ਹੈ ।ਦਮਦਮੀ ਟਕਸਾਲ ਵੱਲੋਂ ਕਰਾਏ ਜਾ ਰਹੇ ਇਸ 42ਵੇਂ ਸ਼ਹੀਦੀ ਜੋੜ ਮੇਲੇ ਦੌਰਾਨ ਇੱਕ ਮਹੀਨੇ ਤੋਂ ਵੱਧ ਸਮ੍ਹਾਂ ਨਗਰਾਂ ਅੰਦਰ ਸ਼ਾਮ ਦੇ ਗੁਰਮਤਿ ਦੀਵਾਨ ਸਜਾਏ ਜਾਣਗੇ,ਉਪਰੰਤ 1 ਤੋਂ 5 ਜੂਨ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਵਿਖੇ ਸ਼ਹੀਦੀ ਹਫਤਾ ਮਨਾਇਆ ਜਾਵੇਗਾ ਤੇ ਸ਼ਾਮ ਦੇ ਸ਼ਹੀਦੀ ਦੀਵਾਨ ਹੋਣਗੇ।ਇੰਨ੍ਹਾਂ ਸ਼ਹੀਦੀ ਦੀਵਾਨਾਂ ਅੰਦਰ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਕੀਰਤਨ ਦੀ ਹਾਜ਼ਰੀ ਭਰਨਗੇ ਤੇ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਸੰਗਤਾਂ ਨਾਲ ਕਥਾ-ਵੀਚਾਰ ਦੀ ਸਾਂਝ ਪਾਉਣਗੇ।ਮੁੱਖ ਤੇ ਮਹਾਨ ਸ਼ਹੀਦੀ ਸਮਾਗਮ 6 ਜੂਨ ਨੂੰ ਹੋਵੇਗਾ,ਜਿਸ ਦੌਰਾਨ ਮਹਾਨ ਪੰਥਕ ਇਕੱਠ ਹੋਵੇਗਾ ਤੇ ਪ੍ਰਮੁੱਖ ਧਾਰਮਿਕ ਹਸਤੀਆਂ ਸੰਗਤਾਂ ਦੇ ਸਨਮੁੱਖ ਹੋ ਕੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਨਗੇ।

# ਦੋ ਦਸੰਬਰ ਦੇ ਆਦੇਸ਼ਾਂ ਨੂੰ ਸਾਜਿਸ਼ ਦੱਸ ਕੇ ਸੁਖਬੀਰ ਬਾਦਲ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅੱਡਰੀ ਅਤੇ ਆਜਾਦ ਹਸਤੀ ਨੂੰ ਕਰ ਰਿਹਾ ਹੈ ਚੈਲੰਜ- ਗਿਆਨੀ ਹਰਪ੍ਰੀਤ ਸਿੰਘ



**ਚੰਡੀਗੜ੍ਹ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਦੋ ਦਸੰਬਰ 2024 ਨੂੰ ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਜੋ ਆਦੇਸ਼ ਹੋਏ ਸਨ, ਉਹ ਪੂਰੇ ਵਿਧੀ ਵਿਧਾਨ ਨਾਲ ਪੰਜ ਸਿੰਘ ਸਾਹਿਬਾਨ ਦੇ ਸੰਯੁਕਤ ਫੈਸਲੇ ਸਨ। ਜਿੰਨਾ ਨੂੰ ਸਾਜਿਸ਼ ਦੱਸ ਕੇ ਸੁਖਬੀਰ ਬਾਦਲ ਸ੍ਰੀ ਅਕਾਲ ਤਖਤ ਸਾਹਿਬ ਦੀ ਅੱਡਰੀ ਅਤੇ ਆਜਾਦ ਹਸਤੀ ਨੂੰ ਖੁੱਲ੍ਹਾ ਚੈਲੰਜ ਕਰ ਰਿਹਾ ਹੈ। ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਇਹ ਸ਼ਬਦ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂਆਂ ਦੀ ਚੰਡੀਗੜ੍ਹ ਵਿੱਚ ਹੋਈ ਇਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਹੇ। ਉਹਨਾ ਕਿਹਾ ਕਿ ਹੁਕਮਨਾਮਿਆਂ ਖਿਲਾਫ ਸਿਰਜਿਆ ਜਾ ਰਿਹਾ ਬਿਰਤਾਂਤ, ਕਿ ਇਹ ਏਜੰਸੀਆਂ ਦੀ ਸਾਜਿਸ਼ ਸੀ, ਸ੍ਰੀ ਅਕਾਲ ਤਖਤ ਸਾਹਿਬ ਦੇ ਪੰਜ ਪ੍ਰਧਾਨੀ ਸਿਧਾਂਤ ਉੱਤੇ ਵੱਡਾ ਹਮਲਾ ਹੈ। ਇਸ ਤੋਂ ਸਿੱਖ ਕੌਮ ਨੂੰ ਸੁਚੇਤ ਹੋਣਾ ਚਾਹੀਦਾ ਹੈ। ਅਕਾਲੀ ਦਲ ਬਾਦਲ ਦੀ ਦਸ ਸਾਲ ਦੀ ਸਰਕਾਰ ਵਿੱਚ ਜੋ ਸਿੱਖ ਵਿਰੋਧੀ ਗੁਨਾਹ ਹੋਏ ਸਨ, ਉਨਾਂ ਦੀ ਮਾਫੀ ਵਾਸਤੇ ਸੁਧਾਰ ਲਹਿਰ ਦੇ ਸਾਰੇ ਆਗੂ ਆਪਸੀ ਸਹਿਮਤੀ ਨਾਲ ਸ਼੍ਰੀ ਅਕਾਲ ਤਖਤ ਸਾਹਿਬ ਉੱਤੇ ਪੇਸ਼ ਹੋਏ ਸਨ। ਆਗੂਆਂ ਨੇ ਪੰਜ ਸਿੰਘ ਸਾਹਿਬਾਨ ਨੂੰ ਲਿਖਤੀ ਤੌਰ ਤੇ ਕਿਹਾ ਸੀ ਕਿ ਉਸ ਸਰਕਾਰ ਦਾ ਹਿੱਸਾ ਹੋਣ ਕਾਰਨ ਸਾਨੂੰ ਉਨਾਂ ਗੁਨਾਹਾਂ ਦੀ ਸਜ਼ਾ ਲਾਈ ਜਾਵੇ। ਉਸੇ ਲਿਖਤ ਦੇ ਆਧਾਰ ਤੇ ਹੀ ਅਸਲੀ ਵੱਡੇ ਗੁਨਾਹਗਾਰ ਨੂੰ ਤਲਬ ਕੀਤਾ ਗਿਆ। ਜਿਸ ਨੇ ਸੰਗਤਾਂ ਦੀ ਹਾਜ਼ਰੀ ਵਿੱਚ ਸਭ ਦੇ ਸਾਹਮਣੇ ਆਪਣੇ ਗੁਨਾਹ ਕਬੂਲ ਕੀਤੇ ਸਨ। ਦੋ ਦਸੰਬਰ 2024 ਨੂੰ ਸ਼੍ਰੀ ਅਕਾਲ ਤਖਤ ਸਾਹਿਬ ਦੇ ਵਿਹੜੇ ਵਿੱਚ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਅੰਦਰ ਪੰਜ ਸਿੰਘ ਸਾਹਿਬਾਨ ਦੀ ਪੰਚਾਇਤ ਨੇ ਜੋ ਫੈਸਲੇ ਕੀਤੇ ਸਨ, ਉਹ ਸਿੱਖ ਪ੍ਰੰਪਰਾ ਅਤੇ ਮਰਿਯਾਦਾ ਅਨੁਸਾਰ ਸਨ। ਉਸ ਨੂੰ ਸਾਜਿਸ਼ ਕਹਿਣ ਵਾਲੇ ਇਹ ਦੱਸਣ ਕਿ ਕੀ ਅਕਾਲੀ ਸਰਕਾਰ ਵੇਲੇ ਸੌਦਾ ਸਾਧ ਨੇ ਗੁਰੂ ਗੋਬਿੰਦ ਸਿੰਘ ਜੀ ਦੀ ਨਕਲ ਕਰਨ ਦਾ ਗੁਨਾਹ ਨਹੀਂ ਸੀ ਕੀਤਾ ? ਫਿਰ ਉਸ ਦੇ ਖਿਲਾਫ ਦਰਜ ਹੋਇਆ ਕੇਸ ਅਕਾਲੀ ਸਰਕਾਰ ਨੇ ਰਫਾ ਦਫਾ ਨਹੀਂ ਕੀਤਾ ? ਸੌਦਾ ਸਾਧ ਨੂੰ ਬਿਨਾਂ ਮੰਗਣ ਤੋਂ ਮਾਫੀ ਨਹੀਂ ਦਿੱਤੀ ਗਈ ? ਉਸ ਮਾਫੀ ਦੇ ਪ੍ਰਚਾਰ ਲਈ ਗੁਰੂ ਕੀ ਗੋਲਕ ਦੇ 92 ਲੱਖ ਰੁਪਏ ਇਸ਼ਿਤਹਾਰਾਂ 'ਤੇ ਖਰਚ ਨਹੀਂ ਕੀਤੇ ਗਏ ਸਨ ? ਅਕਾਲੀ ਸਰਕਾਰ ਵੇਲੇ ਬੁਰਜ ਜਵਾਹਰ ਸਿੰਘ ਵਾਲਾ ਤੋਂ ਬੀੜ ਸਾਹਿਬ ਨਹੀਂ ਚੋਰੀ ਹੋਈ ? ਕੀ ਲਿਖਤੀ ਚੈਲੰਜ ਕਰ ਕੇ ਉਸ ਬੀੜ ਸਾਹਿਬ ਬੇਅਦਬੀ ਨਹੀਂ ਕੀਤੀ ਗਈ ਸੀ ? ਅਕਾਲੀ ਸਰਕਾਰ ਵੇਲੇ ਸਿੱਖ ਨੌਜਵਾਨਾਂ ਦੇ ਕਾਤਲਾਂ ਨੂੰ ਤਰੱਕੀਆਂ ਨਹੀਂ ਦਿੱਤੀਆਂ ਗਈਆਂ ? ਉਸ ਸਰਕਾਰ ਵੇਲੇ ਕੋਟਕਪੂਰਾ, ਬਹਿਬਲ ਕਲਾਂ ਗੋਲੀ ਕਾਂਡ ਨਹੀਂ ਵਾਪਰਿਆ ? ਜੇ ਇਹ ਸਾਰਾ ਕੁਝ ਸੁਖਬੀਰ ਸਿੰਘ ਬਾਦਲ ਨੇ ਸੰਗਤਾਂ ਸਾਹਮਣੇ ਗੁਰੂ ਦੀ ਹਜ਼ੂਰੀ ਵਿੱਚ ਕਬੂਲ ਕੀਤਾ ਹੈ ਤਾਂ ਫਿਰ ਇਹ ਏਜੰਸੀਆਂ ਦੀ ਸਾਜਿਸ਼ ਕਿੱਦਾਂ ਅਤੇ ਕਿਵੇਂ ਹੋਈ ? ਪੰਜਾਬ ਦੇ ਲੋਕਾਂ ਦੀਆਂ ਅੱਖਾਂ ਵਿੱਚ ਘੱਟਾ ਪਾਉਣ ਵਾਲੇ ਸੋਚਦੇ ਹਨ ਕਿ ਉਹ ਇਸ ਸਾਰੇ ਇਤਿਹਾਸਕ ਘਟਨਾਕ੍ਰਮ ਨੂੰ ਸਾਜਿਸ਼ ਕਹਿ ਕੇ ਫਿਰ ਤੋਂ ਕੁਰਸੀ ਹਾਸਲ ਕਰ ਲੈਣਗੇ। ਪਰ ਉਹਨਾਂ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਇਹਨਾਂ ਗੁਨਾਹਾਂ ਦਾ ਫੈਸਲਾ ਲੋਕ 2017 ਤੋਂ ਲੈ ਕੇ ਹੁਣ ਤੱਕ ਹੋਈਆਂ ਚੋਣਾਂ ਵਿੱਚ ਕਰ ਚੁਕੇ ਹਨ। ਉਹ ਫੈਸਲਾ ਹੀ ਹੈ ਕਿ ਅੱਜ ਵਿਧਾਨ ਸਭਾ ਵਿੱਚ ਇਹਨਾਂ ਦੀ ਇੱਕ ਸੀਟ ਹੈ। ਹੁਣ ਇਹ ਗੁਰੂ ਦੀ ਹਜ਼ੂਰੀ ਵਿੱਚ ਮੰਨ ਕੇ ਮੁਕਰਨ ਵਾਲਾ ਅਤੇ ਫੈਸਲਿਆਂ ਨੂੰ ਸਾਜਿਸ਼ ਦੱਸਣ ਵਾਲਾ ਉਹ ਗੁਨਾਹ ਕਰ ਰਹੇ ਹਨ, ਜੋ ਇਹਨਾਂ ਦਾ ਲੋਕ ਪਰਲੋਕ ਵਿੱਚ ਮੂੰਹ ਕਾਲਾ ਕਰਵਾਏਗਾ। ਉਹਨਾਂ ਨੇ ਕਿਹਾ ਕਿ ਅਸੀਂ ਦੋ ਦਸੰਬਰ ਦੇ ਹੁਕਮਨਾਮਿਆਂ ਨੂੰ ਗੁਰੂ ਦੀ ਬਖਸ਼ਿਸ਼ ਸਮਝਦੇ ਹਾਂ। ਜਿਨਾਂ ਦੀ ਰੌਸ਼ਨੀ ਵਿੱਚ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਹੋਇਆ ਹੈ। ਇਸ ਲਈ ਸ੍ਰੀ ਅਕਾਲ ਤਖਤ ਸਾਹਿਬ ਨੂੰ ਕਦੀ ਪਿੱਠ ਨਹੀਂ ਦਿਖਾਵਾਂਗੇ। ਅੱਜ ਦੀ ਇਸ ਮੀਟਿੰਗ ਵਿੱਚ ਸ ਗੁਰਪ੍ਰਤਾਪ ਸਿੰਘ ਵਡਾਲਾ, ਸ ਪਰਮਿੰਦਰ ਸਿੰਘ ਢੀਡਸਾ, ਪ੍ਰੋ ਪ੍ਰੇਮ ਸਿੰਘ ਚੰਦੂਮਾਜਰਾ, ਬੀਬੀ ਜਗੀਰ ਕੌਰ ਸੁਰਜੀਤ ਸਿੰਘ ਰੱਖੜਾ ਸ ਸੁੱਚਾ ਸਿੰਘ ਛੋਟੇਪੁਰ, ਸ ਇਕਬਾਲ ਸਿੰਘ ਝੂੰਦਾਂ, ਸ ਗੋਬਿੰਦ ਸਿੰਘ ਲੌਂਗੋਵਾਲ, ਸ ਸਰਵਣ ਸਿੰਘ ਫਿਲੌਰ, ਸ ਜਸਵਿੰਦਰ ਸਿੰਘ ਬੋਪਾਰਾਏ, ਸ ਜਗਜੀਤ ਸਿੰਘ ਕੋਹਲੀ ਆਦਿ ਆਗੂ ਹਾਜ਼ਰ ਸਨ। ਪ੍ਰੈੱਸ ਦੇ ਨਾਂ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਨੇ ਜਾਰੀ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਮਹਾਨ ਅਵਤਾਰ ਪੁਰਬ

• ਅਵਤਾਰ ਪੁਰਬ ਧੰਨ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ। • ਜਨਮ ਦਿਹਾੜਾ : ਸਾਹਿਬਜਾਦਾ ਬਾਬਾ ਜੁਝਾਰ ਸਿੰਘ ਸਾਹਿਬ ਜੀ। • ਅਵਤਾਰ ਪੁਰਬ : ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।



ਸ਼ੁੱਕਰਵਾਰ 10 ਅਪ੍ਰੈਲ ਸਵੇਰੇ 10:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਹੋਵੇਗੀ ਅਤੇ 12 ਅਪ੍ਰੈਲ ਐਤਵਾਰ ਸਵੇਰੇ 10:00 ਵਜੇ ਭੋਗ ਪੈਣਗੇ ਉਪਰੰਤ ਦੀਵਾਨ ਸਜਣਗੇ।

ਸ਼ਨਿੱਚਰਵਾਰ 11 ਅਪ੍ਰੈਲ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। ਐਤਵਾਰ 12 ਅਪ੍ਰੈਲ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:00 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕਥਾ ਵਾਚਕ ਭਾਈ ਦਿਲਪ੍ਰੀਤ ਸਿੰਘ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।

☚ ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778